Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 87 Chief Editor : Chowdhary Prabhjit Singh, Editor : Chhatarpal Singh 98146-32807, Friday 18 September 2026 Price : 2 Rs. Page : 6

## ਰੂਸ 'ਤੇ ਨਵੀਆਂ ਪਾਬੰਦੀਆਂ ਵਾਲਾ ਬਿੱਲ ਅਮਰੀਕੀ ਹਾਊਸ ਵਿੱਚ ਪਾਸ, ਭਾਰਤ 'ਤੇ 100 ਫੀਸਦੀ ਟੈਰਿਫ ਦਾ ਰਾਹ ਖੁੱਲ੍ਹਿਆ

**ਵਾਸ਼ਿੰਗਟਨ ਡੀ.ਸੀ., 17 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕੀ ਹਾਊਸ ਆਫ ਰਿਪ੍ਰਜ਼ੈਂਟੇਟਿਵਜ਼ ਨੇ ਰੂਸ ਖ਼ਿਲਾਫ਼ ਵਿਆਪਕ ਪਾਬੰਦੀਆਂ ਲਗਾਉਣ ਵਾਲਾ ਬਿੱਲ ਪਾਸ ਕਰ ਦਿੱਤਾ ਹੈ। ਬਿੱਲ ਦੇ ਹੱਕ ਵਿੱਚ 262 ਅਤੇ ਵਿਰੋਧ ਵਿੱਚ 159 ਵੋਟਾਂ ਪਈਆਂ। ਹੁਣ ਇਹ ਕਾਨੂੰਨ ਬਣਨ ਲਈ ਰਾਸ਼ਟਰਪਤੀ ਡੋਨਾਲਡ ਟਰੰਪ ਕੋਲ ਦਸਤਖ਼ਤ ਲਈ ਜਾਵੇਗਾ। ਮਰਹੂਮ ਸੈਨੇਟਰ ਲਿੰਡਸੀ ਗ੍ਰਾਹਮ ਦੇ ਸਨਮਾਨ ਵਿੱਚ ਨਾਮਜ਼ਦ ਇਸ ਕਾਨੂੰਨ ਨੂੰ ਤਿਆਰ ਕਰਨ ਲਈ ਇੱਕ ਸਾਲ ਤੋਂ ਵੱਧ ਸਮੇਂ ਤੱਕ ਗੱਲਬਾਤ ਚੱਲੀ। ਇਸ ਪੈਕੇਜ ਵਿੱਚ ਰਾਸ਼ਟਰਪਤੀ ਟਰੰਪ ਦੀ ਮੰਗ ਨੂੰ ਵੀ ਸ਼ਾਮਲ ਕੀਤਾ ਗਿਆ, ਜਿਸ ਤਹਿਤ ਇਰਾਨ 'ਤੇ ਲਾਗੂ ਮੌਜੂਦਾ ਪਾਬੰਦੀਆਂ ਨੂੰ ਹੋਰ ਪੰਜ ਸਾਲ ਲਈ ਵਧਾਉਣ ਦੀ ਵਿਵਸਥਾ ਹੈ।

ਇਹ ਕਦਮ ਟਰੰਪ ਦੇ ਵ੍ਹਾਈਟ ਹਾਊਸ ਵਿੱਚ ਮੁੜ ਆਉਣ ਤੋਂ ਬਾਅਦ ਯੂਕਰੇਨ ਦੇ ਸਮਰਥਨ ਵਿੱਚ ਅਮਰੀਕੀ ਕਾਂਗਰਸ ਦੀਆਂ ਸਭ ਤੋਂ ਵੱਡੀਆਂ ਵਿਧਾਨਕ ਕੋਸ਼ਿਸ਼ਾਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ। ਇਸ ਤੋਂ ਪਹਿਲਾਂ ਲਗਭਗ ਦੋ ਸਾਲ ਤੱਕ ਇਸ ਮਾਮਲੇ 'ਤੇ ਕਾਂਗਰਸ ਵਿੱਚ ਰਾਜਨੀਤਿਕ ਅਤੇ ਵਿਧਾਨਕ ਰੁਕਾਵਟਾਂ ਬਣੀਆਂ ਰਹੀਆਂ ਸਨ। ਯੂਕਰੇਨ ਦੇ ਰਾਸ਼ਟਰਪਤੀ ਵੋਲੋਦਿਮਿਰ ਜ਼ੇਲੇਂਸਕੀ ਨੇ ਵੀ ਬਿੱਲ ਦੇ ਹੱਕ ਵਿੱਚ ਅਮਰੀਕੀ ਸੰਸਦ ਮੈਂਬਰਾਂ ਨਾਲ ਸੰਪਰਕ ਕੀਤਾ। ਵੋਟਿੰਗ ਤੋਂ ਪਹਿਲਾਂ ਉਨ੍ਹਾਂ ਨੇ ਕਾਨੂੰਨ ਬਣਾਉਣ ਦੀ ਅਪੀਲ ਕੀਤੀ ਅਤੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਜੰਗ ਦੌਰਾਨ ਕਈ ਵਾਰ ਕੁਝ ਨਾ ਕਰਨ ਨਾਲੋਂ ਅਧੂਰਾ ਫੈਸਲਾ ਕਰਨਾ ਬਿਹਤਰ ਹੁੰਦਾ ਹੈ। ਬਿੱਲ ਵਿੱਚ ਰੂਸੀ ਅਧਿਕਾਰੀਆਂ, ਵਿੱਤੀ ਸੰਸਥਾਵਾਂ ਅਤੇ ਬੈਂਕਿੰਗ ਖੇਤਰ 'ਤੇ ਪਾਬੰਦੀਆਂ ਨੂੰ ਵਧਾਉਣ ਦੀ ਵਿਵਸਥਾ ਹੈ। ਇਸ ਤੋਂ ਇਲਾਵਾ ਰੂਸੀ ਊਰਜਾ ਦੀ ਬਰਾਮਦ ਜਾਰੀ ਰੱਖਣ ਵਿੱਚ ਮਦਦ ਕਰਨ ਵਾਲੇ ਅਖੌਤੀ 'ਸ਼ੈਡੋ ਫਲੀਟ' ਨਾਲ ਸਬੰਧਤ ਜਹਾਜ਼ਾਂ ਨੂੰ ਵੀ ਨਿਸ਼ਾਨਾ ਬਣਾਉਣ ਦੀ ਵਿਵਸਥਾ ਕੀਤੀ ਗਈ ਹੈ।



**ਭਾਰਤ 'ਤੇ 100 ਫੀਸਦੀ ਟੈਰਿਫ ਦੀ ਵਿਵਸਥਾ**

ਬਿੱਲ ਦਾ ਇੱਕ ਮਹੱਤਵਪੂਰਨ ਹਿੱਸਾ ਉਨ੍ਹਾਂ ਦੇਸ਼ਾਂ ਨਾਲ ਸਬੰਧਤ ਹੈ ਜੋ ਰੂਸ ਤੋਂ ਤੇਲ ਜਾਂ ਕੁਦਰਤੀ ਗੈਸ ਦੀ ਵੱਡੀ ਮਾਤਰਾ ਵਿੱਚ ਖਰੀਦ ਕਰਦੇ ਹਨ। ਪ੍ਰਸਤਾਵਿਤ ਕਾਨੂੰਨ ਰਾਸ਼ਟਰਪਤੀ ਨੂੰ ਰੂਸੀ ਪੈਟਰੋਲੀਅਮ ਜਾਂ ਕੁਦਰਤੀ ਗੈਸ ਦੇ ਪੰਜ ਵੱਡੇ ਆਯਾਤਕ ਦੇਸ਼ਾਂ ਤੋਂ ਆਉਣ ਵਾਲੀਆਂ ਵਸਤਾਂ 'ਤੇ 100 ਫੀਸਦੀ ਤੱਕ ਟੈਰਿਫ ਲਗਾਉਣ ਦਾ ਅਧਿਕਾਰ ਦੇਵੇਗਾ। ਹਾਲਾਂਕਿ, ਬਿੱਲ ਆਪਣੇ ਆਪ ਭਾਰਤੀ ਉਤਪਾਦਾਂ 'ਤੇ 100 ਫੀਸਦੀ ਟੈਰਿਫ ਲਾਗੂ ਨਹੀਂ ਕਰਦਾ। ਇਸ ਦੀ ਬਜਾਏ, ਕਾਨੂੰਨ ਬਣਨ ਅਤੇ ਰਾਸ਼ਟਰਪਤੀ ਵੱਲੋਂ ਇਸ ਅਧਿਕਾਰ ਦੀ ਵਰਤੋਂ ਕੀਤੇ ਜਾਣ ਦੀ ਸਥਿਤੀ ਵਿੱਚ ਅਮਰੀਕੀ ਪ੍ਰਸ਼ਾਸਨ ਨੂੰ ਨਿਰਧਾਰਤ ਸ਼ਰਤਾਂ ਤਹਿਤ ਅਜਿਹਾ ਟੈਰਿਫ ਲਗਾਉਣ ਦੀ ਕਾਨੂੰਨੀ ਸਮਰੱਥਾ ਮਿਲੇਗੀ।

ਬਿੱਲ ਵਿੱਚ ਉਨ੍ਹਾਂ ਦੇਸ਼ਾਂ ਲਈ ਛੋਟ ਦੀ ਵਿਵਸਥਾ ਵੀ ਹੈ ਜੋ ਰੂਸੀ ਕੁਦਰਤੀ ਗੈਸ ਦੀ ਕੁੱਲ ਬਰਾਮਦ ਵਿੱਚੋਂ 15 ਫੀਸਦੀ ਤੋਂ ਘੱਟ ਆਯਾਤ ਕਰਦੇ ਹਨ ਅਤੇ ਰੂਸੀ ਊਰਜਾ ਦੀ ਖਰੀਦ ਘਟਾਉਣ ਲਈ ਮਹੱਤਵਪੂਰਨ ਕਦਮ ਚੁੱਕ ਰਹੇ ਹਨ। ਭਾਰਤ ਅਤੇ ਚੀਨ ਰੂਸੀ ਕੱਚੇ ਤੇਲ ਦੇ ਵੱਡੇ ਖਰੀਦਦਾਰਾਂ ਵਿੱਚ ਸ਼ਾਮਲ ਹਨ। ਇਸ ਕਾਰਨ ਬਿੱਲ ਦੇ ਸਮਰਥਕਾਂ ਨੇ ਦੋਵਾਂ ਦੇਸ਼ਾਂ ਨੂੰ ਟੈਰਿਫ ਸਬੰਧੀ ਵਿਵਸਥਾਵਾਂ ਦੇ ਸੰਭਾਵਿਤ ਨਿਸ਼ਾਨਿਆਂ ਵਜੋਂ ਦਰਸਾਇਆ ਹੈ। ਅਮਰੀਕੀ ਬਾਜ਼ਾਰ ਤੱਕ ਪਹੁੰਚ ਨੂੰ ਰੂਸ ਦੀ ਊਰਜਾ ਆਮਦਨ 'ਤੇ ਦਬਾਅ ਬਣਾਉਣ ਦੇ ਸਾਧਨ ਵਜੋਂ ਵਰਤਣ ਦੀ ਵਿਵਸਥਾ ਕੀਤੀ ਗਈ ਹੈ।

**ਸੈਨੇਟ ਤੋਂ ਬਾਅਦ ਹਾਊਸ ਦੀ ਮਨਜ਼ੂਰੀ**

ਇਸ ਬਿੱਲ ਨੂੰ ਅਮਰੀਕੀ ਸੈਨੇਟ ਪਹਿਲਾਂ ਹੀ 7 ਅਗਸਤ ਨੂੰ 86-11 ਦੀ ਭਾਰੀ ਬਹੁਮਤ ਨਾਲ ਪਾਸ ਕਰ ਚੁੱਕੀ ਹੈ। ਇਸ ਤੋਂ ਬਾਅਦ ਹਾਊਸ ਵਿੱਚ ਖ਼ਾਸ ਕਰਕੇ ਟੈਰਿਫ ਨਾਲ ਸਬੰਧਤ ਧਾਰਾਵਾਂ ਨੂੰ ਲੈ ਕੇ ਚਰਚਾ ਕਾਰਨ ਇਸ ਦੀ ਪ੍ਰਗਤੀ ਹੌਲੀ ਰਹੀ। ਹੁਣ ਹਾਊਸ ਤੋਂ ਮਨਜ਼ੂਰੀ ਮਿਲਣ ਤੋਂ ਬਾਅਦ ਬਿੱਲ ਰਾਸ਼ਟਰਪਤੀ ਟਰੰਪ ਕੋਲ ਜਾਵੇਗਾ। ਜੇਕਰ ਉਹ ਇਸ 'ਤੇ ਦਸਤਖ਼ਤ ਕਰਦੇ ਹਨ, ਤਾਂ ਅਮਰੀਕੀ ਪ੍ਰਸ਼ਾਸਨ ਨੂੰ ਰੂਸ ਅਤੇ ਰੂਸੀ ਊਰਜਾ ਨਾਲ ਵਪਾਰ ਜਾਰੀ ਰੱਖਣ ਵਾਲੇ ਦੇਸ਼ਾਂ 'ਤੇ ਵਾਧੂ ਪਾਬੰਦੀਆਂ ਅਤੇ ਟੈਰਿਫ ਲਾਗੂ ਕਰਨ ਲਈ ਨਵੀਆਂ ਕਾਨੂੰਨੀ ਸ਼ਕਤੀਆਂ ਮਿਲ ਜਾਣਗੀਆਂ। ਭਾਰਤ ਲਈ ਇਸ ਦਾ ਤੁਰੰਤ ਅਰਥ 100 ਫੀਸਦੀ ਟੈਰਿਫ ਲਾਗੂ ਹੋਣਾ ਨਹੀਂ ਹੈ; ਅਜਿਹਾ ਕਦਮ ਅਗਲੇ ਪੜਾਅ ਵਿੱਚ ਅਮਰੀਕੀ ਕਾਰਜਕਾਰੀ ਅਧਿਕਾਰ ਦੀ ਵਰਤੋਂ 'ਤੇ ਨਿਰਭਰ ਕਰੇਗਾ।

## ਫਿਰੌਤੀ ਲਈ ਕੋਠੀਆਂ 'ਤੇ ਫਾਇਰਿੰਗ ਕਰਨ ਵਾਲੇ ਲਾਰੈਂਸ ਗੈਂਗ ਦੇ 4 ਗੁਰਗੇ ਕਾਬੂ



**ਮੁਹਾਲੀ, 17 ਸਤੰਬਰ**
**-ਜੀ. ਐਸ. ਤੁੰਗ-**

ਮੁਹਾਲੀ ਪੁਲਿਸ ਨੇ ਕੋਠੀਆਂ 'ਤੇ ਫਾਇਰਿੰਗ ਕਰਕੇ ਫਿਰੌਤੀ ਮੰਗਣ ਵਾਲੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਜੁੜੇ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ 5 ਨਾਜਾਇਜ਼ ਪਿਸਤੌਲ, 12 ਜ਼ਿੰਦਾ ਕਾਰਤੂਸ ਅਤੇ ਵਾਰਦਾਤਾਂ 'ਚ ਵਰਤੀ ਟੈਂਪਰੇਰੀ ਨੰਬਰ ਵਾਲੀ ਫਾਰਚੂਨਰ ਕਾਰ ਬਰਾਮਦ ਕੀਤੀ ਹੈ। ਐਸ.ਐਸ.ਪੀ. ਮੁਹਾਲੀ ਵਰੁਣ ਸ਼ਰਮਾ ਅਨੁਸਾਰ ਮੁਲਜ਼ਮ ਵਿਦੇਸ਼ ਬੈਠੇ ਗੈਂਗਸਟਰ ਕੁਲਵੀਰ ਸਿੰਘ ਸਿੱਧੂ ਦੇ ਸੰਪਰਕ 'ਚ ਸਨ। ਪੁਲਿਸ ਮੁਤਾਬਕ 4-5 ਸਤੰਬਰ ਦੀ ਦਰਮਿਆਨੀ ਰਾਤ ਫੇਜ਼-10 ਵਾਸੀ ਸੰਯਮ ਝੁਡੇਜਾ ਦੀ ਕੋਠੀ 'ਤੇ 2 ਮੋਟਰਸਾਈਕਲ ਸਵਾਰਾਂ ਨੇ ਆਟੋਮੈਟਿਕ ਹਥਿਆਰਾਂ ਨਾਲ ਫਾਇਰਿੰਗ ਕੀਤੀ ਸੀ। ਇਸ ਤੋਂ ਪਹਿਲਾਂ ਕੁਲਬੀਰ ਸਿੰਘ ਸਿੱਧੂ ਵਲੋਂ ਸੰਯਮ ਜੁਡੇਜਾ ਤੋਂ 5 ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ ਸੀ। ਇਸ ਤੋਂ ਬਾਅਦ 7 ਸਤੰਬਰ ਨੂੰ ਉਸ ਦੇ ਪਾਰਟਨਰ ਬਲਜੀਤ ਸਿੰਘ ਦੀ ਫੇਜ਼-10 ਸਥਿਤ ਕੋਠੀ 'ਤੇ ਵੀ ਫਾਇਰਿੰਗ ਕੀਤੀ ਗਈ ਅਤੇ ਉਸ ਤੋਂ ਵੀ 5 ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ। ਇਸੇ ਤਰ੍ਹਾਂ 14 ਸਤੰਬਰ ਨੂੰ ਸੈਕਟਰ-104 ਸਥਿਤ ਜਗਦੀਪ ਸਿੰਘ ਮਾਨ ਦੀ ਕੋਠੀ 'ਤੇ ਫਾਇਰਿੰਗ ਕੀਤੀ ਗਈ। ਇਸ ਘਟਨਾ ਦੌਰਾਨ ਕੋਠੀ 'ਚ ਕੰਮ ਕਰਦਾ ਸਚਿਨ ਗੋਲੀ ਲੱਗਣ ਕਾਰਨ ਜ਼ਖਮੀ ਹੋ ਗਿਆ ਸੀ। ਪੁਲਿਸ ਜਾਂਚ ਦੌਰਾਨ ਇਸ ਮਾਮਲੇ 'ਚ ਵੀ 5 ਕਰੋੜ ਰੁਪਏ ਦੀ ਫਿਰੌਤੀ ਮੰਗੇ ਜਾਣ ਦੀ ਗੱਲ ਸਾਹਮਣੇ ਆਈ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਪਛਾਣ ਅਕਾਸ਼ਦੀਪ ਸਿੰਘ (23), ਪ੍ਰਵੀਨ ਕੁਮਾਰ ਉਰਫ਼ ਕਾਲੂ (23), ਜਸਮਨਦੀਪ ਸਿੰਘ (20) ਅਤੇ ਦੁਸ਼ੰਤ ਸ਼ਰਮਾ ਉਰਫ਼ ਸੰਮੀ (27) ਵਜੋਂ ਹੋਈ ਹੈ। ਪੁਲਿਸ ਅਨੁਸਾਰ ਜਸਮਨਦੀਪ ਵਲੋਂ ਵਾਰਦਾਤਾਂ ਤੋਂ ਪਹਿਲਾਂ ਰੇਕੀ ਕੀਤੀ ਜਾਂਦੀ ਸੀ, ਜਦਕਿ ਦੁਸ਼ੰਤ ਹਥਿਆਰਾਂ ਦੀ ਸੰਭਾਲ ਕਰਦਾ ਸੀ। ਅਕਾਸ਼ਦੀਪ, ਪ੍ਰਵੀਨ ਅਤੇ ਉਨ੍ਹਾਂ ਦਾ ਸਾਥੀ ਸਿਮਰਦੀਪ ਸਿੰਘ ਉਰਫ਼ ਜਸ਼ਨ ਫਾਇਰਿੰਗ ਕਰਦੇ ਸਨ। ਸਿਮਰਦੀਪ ਸਿੰਘ ਉਰਫ਼ ਜਸ਼ਨ ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਇਸ ਦੌਰਾਨ ਉਨ੍ਹਾਂ ਨਾਲ ਜੁੜੀਆਂ ਹੋਰ ਵਾਰਦਾਤਾਂ ਅਤੇ ਨਾਜਾਇਜ਼ ਹਥਿਆਰਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

## ਸੰਤ ਬਾਬਾ ਈਸ਼ਰ ਸਿੰਘ ਜੀ ਨੇ ਨਾਮ-ਸਿਮਰਨ, ਗੁਰਬਾਣੀ ਅਤੇ ਸੇਵਾ ਰਾਹੀਂ ਮਾਨਵਤਾ ਨੂੰ ਦਿਖਾਈ ਸਹੀ ਰਾਹ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 17 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ-ਮਹਾਪੁਰਸ਼ਾਂ ਦਾ ਜੀਵਨ ਸਮਾਜ ਨੂੰ ਸਹੀ ਦਿਸ਼ਾ ਦੇਣ ਵਾਲਾ ਹੁੰਦਾ ਹੈ। ਸੰਤ ਬਾਬਾ ਈਸ਼ਰ ਸਿੰਘ ਜੀ ਨੇ ਆਪਣਾ ਪੂਰਾ ਜੀਵਨ ਨਾਮ-ਸਿਮਰਨ, ਗੁਰਬਾਣੀ, ਕੀਰਤਨ, ਸੇਵਾ ਅਤੇ ਮਾਨਵ ਕਲਿਆਣ ਲਈ ਸਮਰਪਿਤ ਕੀਤਾ। ਉਨ੍ਹਾਂ ਦੀ ਸਾਧਨਾ ਅਤੇ ਸੇਵਾ ਦੀ ਪਰੰਪਰਾ ਅੱਜ ਵੀ ਲੱਖਾਂ ਸ਼ਰਧਾਲੂਆਂ ਨੂੰ ਪ੍ਰੇਰਣਾ ਦੇ ਰਹੀ ਹੈ।

ਮੁੱਖ ਮੰਤਰੀ ਅੱਜ ਕੁਰੂਕਸ਼ੇਤਰ ਦੇ ਪਿਹੋਵਾ ਵਿੱਚ ਜੁਰਾਸੀ ਸਥਿਤ ਸੰਤ ਬਾਬਾ ਈਸ਼ਰ ਸਿੰਘ ਦਰਬਾਰ ਵਿੱਚ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ 51ਵੇਂ ਬਰਸੀ ਸਮਾਗਮ ਵਿੱਚ ਪਹੁੰਚੇ ਅਤੇ ਉਨ੍ਹਾਂ ਨੂੰ ਸ਼ਰਧਾਪੂਰਵਕ ਨਮਨ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 21 ਲੱਖ ਰੁਪਏ ਦੀ ਭੇਟਾ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਕਿਸੇ ਮਹਾਪੁਰਸ਼ ਦੀ ਬਰਸੀ ਕੇਵਲ ਉਨ੍ਹਾਂ ਦੇ ਜੀਵਨ ਨੂੰ ਯਾਦ ਕਰਨ ਦਾ ਮੌਕਾ ਨਹੀਂ ਹੁੰਦੀ, ਸਗੋਂ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਉਤਾਰਨ ਅਤੇ ਉਨ੍ਹਾਂ ਦੇ ਦਿਖਾਏ ਮਾਰਗ 'ਤੇ ਚੱਲਣ ਦਾ ਸੰਕਲਪ ਲੈਣ ਦਾ ਵੀ ਮੌਕਾ ਹੁੰਦੀ ਹੈ। ਸੰਤ ਭਾਵੇਂ ਸਰੀਰਕ ਰੂਪ ਵਿੱਚ ਸਾਡੇ ਵਿਚਕਾਰ ਨਾ ਹੋਣ, ਪਰ ਉਨ੍ਹਾਂ ਦੀ ਬਾਣੀ, ਵਿਚਾਰ ਅਤੇ ਸੇਵਾ ਦੀ ਪਰੰਪਰਾ ਸਮਾਜ ਨੂੰ ਹਮੇਸ਼ਾ ਮਾਰਗਦਰਸ਼ਨ ਦਿੰਦੀ ਰਹਿੰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਦਿਨ ਵਿਸ਼ੇਸ਼ ਮਹੱਤਵ ਰੱਖਦਾ ਹੈ। ਅੱਜ ਦੇਸ਼ ਭਰ ਵਿੱਚ ਭਗਵਾਨ ਵਿਸ਼ਵਕਰਮਾ ਜਯੰਤੀ ਮਨਾਈ ਜਾ ਰਹੀ ਹੈ। ਭਗਵਾਨ ਵਿਸ਼ਵਕਰਮਾ ਸਿਰਜਣ, ਨਿਰਮਾਣ, ਹੁਨਰ ਅਤੇ ਸ਼੍ਰਮ ਦੇ ਪ੍ਰਤੀਕ ਹਨ। ਇਸ ਦੇ ਨਾਲ ਹੀ, ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦਾ ਜਨਮਦਿਵਸ ਵੀ ਹੈ। ਇਸ ਮੌਕੇ ਦੇਸ਼ ਅਤੇ ਪ੍ਰਦੇਸ਼ ਵਿੱਚ ਸੇਵਾ, ਜਨਭਾਗੀਦਾਰੀ ਅਤੇ ਜਨਕਲਿਆਣ ਨਾਲ ਜੁੜੇ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਸੰਤ ਬਾਬਾ ਈਸ਼ਰ ਸਿੰਘ ਜੀ ਦੇ ਜੀਵਨ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦਾ ਜਨਮ 5 ਅਗਸਤ 1905 ਨੂੰ ਪਿੰਡ ਆਲੋਵਾਲ ਵਿੱਚ ਮਾਤਾ ਰਤਨ ਕੌਰ ਜੀ ਅਤੇ ਸਰਦਾਰ ਰਾਮ ਸਿੰਘ ਨੰਬਰਦਾਰ ਜੀ ਦੇ ਘਰ ਹੋਇਆ ਸੀ। ਬਚਪਨ ਵਿੱਚ ਉਨ੍ਹਾਂ ਦਾ ਨਾਮ ਗੁਲਾਬ ਸਿੰਘ ਸੀ। ਜਵਾਨੀ ਵਿੱਚ ਉਨ੍ਹਾਂ ਨੂੰ ਸੰਤ ਅੱਤਰ ਸਿੰਘ ਜੀ ਰੇਰੂ ਸਾਹਿਬ ਵਾਲਿਆਂ ਦਾ ਸਾਨਿਧ ਅਤੇ ਮਾਰਗਦਰਸ਼ਨ ਪ੍ਰਾਪਤ ਹੋਇਆ। ਉਨ੍ਹਾਂ ਦੀ ਪ੍ਰੇਰਣਾ ਨਾਲ ਉਨ੍ਹਾਂ ਨੇ ਅੰਮ੍ਰਿਤ ਛਕਿਆ ਅਤੇ ਗੁਲਾਬ ਸਿੰਘ ਤੋਂ ਈਸ਼ਰ ਸਿੰਘ ਬਣੇ। ਇਸ ਤੋਂ ਬਾਅਦ ਉਨ੍ਹਾਂ ਨੇ ਆਪਣਾ ਸੰਪੂਰਨ ਜੀਵਨ ਸਿਮਰਨ, ਸੇਵਾ ਅਤੇ ਗੁਰਮਤਿ ਦੇ ਪ੍ਰਚਾਰ-ਪਸਾਰ ਵਿੱਚ ਸਮਰਪਿਤ ਕਰ ਦਿੱਤਾ।



ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ ਬਾਬਾ ਈਸ਼ਰ ਸਿੰਘ ਜੀ ਦੀਆਂ ਸਿੱਖਿਆਵਾਂ ਵਿੱਚ ਸੇਵਾ ਅਤੇ ਮਾਨਵ ਕਲਿਆਣ ਦਾ ਵਿਸ਼ੇਸ਼ ਮਹੱਤਵ ਰਿਹਾ ਹੈ। ਸੇਵਾ ਅਤੇ ਸਮਾਜ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਅੱਗੇ ਵਧਾਉਣਾ ਹੀ ਅਜਿਹੇ ਮਹਾਨ ਸੰਤਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੈ।

ਮੁੱਖ ਮੰਤਰੀ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸੰਤ ਬਾਬਾ ਮਣੀ ਸਿੰਘ ਜੀ ਦੀ ਅਗਵਾਈ ਵਿੱਚ 51ਵਾਂ ਬਰਸੀ ਸਮਾਗਮ ਪੂਰੀ ਸ਼ਰਧਾ ਅਤੇ ਧਾਰਮਿਕ ਭਾਵਨਾ ਨਾਲ ਆਯੋਜਿਤ ਕੀਤਾ ਗਿਆ ਹੈ। ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਅਤੇ ਸਹਜ ਪਾਠ ਸਾਹਿਬ ਦੇ ਭੋਗ, ਧਾਰਮਿਕ ਦੀਵਾਨ, ਸੰਤ ਸਮਾਗਮ, ਕਵੀ ਦਰਬਾਰ, ਅਰਦਾਸ ਅਤੇ ਅੰਮ੍ਰਿਤ ਸੰਚਾਰ ਵਰਗੇ ਵੱਖ-ਵੱਖ ਧਾਰਮਿਕ ਪ੍ਰੋਗਰਾਮ ਸੰਪੰਨ ਹੋ ਰਹੇ ਹਨ। ਇਹ ਆਯੋਜਨ ਸੰਗਤ ਨੂੰ ਗੁਰੂ-ਘਰ ਨਾਲ ਜੋੜਨ ਅਤੇ ਸੰਤਾਂ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਮਾਧਿਅਮ ਹਨ। ਇਸ ਮੌਕੇ ਮੁੱਖ ਜਥੇਦਾਰ ਬਾਬਾ ਸ੍ਰੀ ਮਣੀ ਸਿੰਘ ਜੀ, ਸਾਬਕਾ ਰਾਜ ਮੰਤਰੀ ਸ੍ਰੀ ਸੁਭਾਸ਼ ਸੁਧਾ, ਸੀਨੀਅਰ ਭਾਜਪਾ ਨੇਤਾ ਸ੍ਰੀ ਜੈਭਗਵਾਨ, ਜ਼ਿਲ੍ਹਾ ਪ੍ਰੀਸ਼ਦ ਚੇਅਰਪਰਸਨ ਸ਼੍ਰੀਮਤੀ ਕੰਵਲਜੀਤ ਕੌਰ ਮੌਰ, ਬਾਬਾ ਸੁਰਜੀਤ ਸਿੰਘ ਜੀ, ਬਾਬਾ ਦਿਲਬਾਗ ਸਿੰਘ ਜੀ, ਸਰਪੰਚ ਸ੍ਰੀ ਨਿਸ਼ਾਨ ਸਿੰਘ, ਮੀਡੀਆ ਕੋਆਰਡੀਨੇਟਰ ਸ੍ਰੀ ਤੁਸ਼ਾਰ ਸੈਣੀ, ਡਿਪਟੀ ਕਮਿਸ਼ਨਰ ਸ੍ਰੀ ਵਿਸ਼ਰਾਮ ਮੀਣਾ ਸਮੇਤ ਕਈ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਾਧ-ਸੰਗਤ ਨੇ ਵੀ ਭਾਗ ਲਿਆ।

## ਡ੍ਰੋਨ ਰਾਹੀਂ ਨਸ਼ਾ ਤਸਕਰਾਂ 'ਤੇ 'ਬਾਜ਼ ਅੱਖ' : ਡਾ. ਬਲਬੀਰ ਸਿੰਘ



**ਪਟਿਆਲਾ, 17 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸਰਕਾਰੀ ਬਿਕਰਮ ਕਾਲਜ, ਪਟਿਆਲਾ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਸਬੰਧੀ ਕਰਵਾਏ ਸਮਾਗਮ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਕਰਦਿਆਂ ਹੁਣ ਪਿੰਡ-ਪਿੰਡ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਜਾਵੇਗਾ।

ਸਿਹਤ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਨੂੰ ਰੋਕਣ ਲਈ ਆਧੁਨਿਕ ਤਕਨੀਕ ਦੀ ਵਰਤੋਂ ਵੀ ਕੀਤੀ ਜਾ ਰਹੀ ਹੈ। ਸਰਹੱਦੀ ਅਤੇ ਸੰਵੇਦਨਸ਼ੀਲ ਖੇਤਰਾਂ ਵਿੱਚ ਡ੍ਰੋਨ ਰਾਹੀਂ ਨਿਗਰਾਨੀ ਰੱਖ ਕੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ 'ਤੇ 'ਬਾਜ਼ ਅੱਖ' ਰੱਖੀ ਜਾ ਰਹੀ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਨੂੰ ਕਾਨੂੰਨ ਦੀ ਗ੍ਰਿਫ਼ਤ ਵਿੱਚ ਲਿਆਂਦਾ ਜਾਵੇਗਾ, ਜਦਕਿ ਨਸ਼ੇ ਦੀ ਜਕੜ ਵਿੱਚ ਫਸੇ ਨੌਜਵਾਨਾਂ ਨੂੰ ਇਸ ਤੋਂ ਬਾਹਰ ਕੱਢਣ ਲਈ ਵਿਸ਼ੇਸ਼ ਅਤੇ ਨਿਵੇਕਲੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਸੰਕਲਪ ਪੰਜਾਬ ਵਿੱਚੋਂ ਨਸ਼ਿਆਂ ਦੀਆਂ ਜੜ੍ਹਾਂ ਨੂੰ ਖ਼ਤਮ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਨਸ਼ਾ ਛੱਡਣ ਦੇ ਇੱਛੁਕ ਵਿਅਕਤੀਆਂ ਲਈ ਡੀ-ਐਡਿਕਸ਼ਨ ਸੈਂਟਰਾਂ ਰਾਹੀਂ ਇਲਾਜ ਅਤੇ ਪੁਨਰਵਾਸ ਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਜੇਲ੍ਹਾਂ ਵਿੱਚ ਬੰਦ ਨਸ਼ਾ-ਨਿਰਭਰ ਵਿਅਕਤੀਆਂ ਲਈ ਵੀ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਉਨ੍ਹਾਂ ਨੂੰ ਇਲਾਜ ਅਤੇ ਸਹਾਇਤਾ ਮਿਲ ਸਕੇ।

ਉਨ੍ਹਾਂ ਕਿਹਾ ਕਿ ਪਟਿਆਲਾ ਦਿਹਾਤੀ ਨਾਲ ਸਬੰਧਤ ਮੀਟਿੰਗਾਂ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਯਤਨਾਂ ਦੇ ਨਤੀਜੇ ਹੁਣ ਸਾਹਮਣੇ ਆ ਰਹੇ ਹਨ। ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਅੰਤਿਮ ਪੜਾਅ ਤੱਕ ਲਿਜਾਣ ਲਈ ਪ੍ਰਸ਼ਾਸਨ, ਪੁਲਿਸ, ਸਿਹਤ ਵਿਭਾਗ, ਵਿਲੇਜ ਡਿਫੈਂਸ ਕਮੇਟੀਆਂ ਅਤੇ ਆਮ ਲੋਕਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ ਗਿਆ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਲੋਕਾਂ ਦੇ ਸਹਿਯੋਗ ਨਾਲ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਿਆ ਜਾ ਰਿਹਾ ਹੈ। ਇਸ ਮੌਕੇ ਓਹਨਾ ਦੇ ਨਾਲ ਆਮ ਆਦਮੀ ਪਾਰਟੀ ਦੇ ਸਟੇਜ ਸਕੱਤਰ ਜਗਤਾਰ ਸਿੰਘ ਜੱਗਾ, ਐਸ ਡੀ ਐਮ ਗੁਰਦੇਵ ਸਿੰਘ ਧਮ, ਡੀ ਐਸ ਪੀ, ਸਿਹਤ ਵਿਭਾਗ ਦੇ ਅਧਿਕਾਰੀ, ਕਾਲਜ ਦੇ ਵਿਦਿਆਰਥੀ ਅਤੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰ ਮੌਜੂਦ ਸਨ।

## ਡਰੱਗਸ ਕੰਟਰੋਲ ਵਿੰਗ ਨੇ ਚੰਡੀਗੜ੍ਹ ਵਿੱਚ ਛੇ ਕੈਮਿਸਟ ਦੁਕਾਨਾਂ 'ਤੇ ਛਾਪੇਮਾਰੀ ਕੀਤੀ

**ਚੰਡੀਗੜ੍ਹ, 17 ਸਤੰਬਰ**
**-ਸੰਜੀਵ ਸਿੰਗਲਾ-**

ਨਸ਼ੀਲੀਆਂ ਦਵਾਈਆਂ ਦੇ ਦੁਰਉਪਯੋਗ 'ਤੇ ਅੰਕੁਸ਼ ਲਗਾਉਣ ਲਈ ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ ਦੇ ਨਿਰਦੇਸ਼ਾਂ ਅਤੇ ਸਿਹਤ ਸਕੱਤਰ ਤੇ ਡਾਇਰੈਕਟਰ ਸਿਹਤ ਸੇਵਾਵਾਂ-ਅਤੇ-ਡਰੱਗਸ ਕੰਟਰੋਲਰ, ਯੂ.ਟੀ. ਚੰਡੀਗੜ੍ਹ ਦੇ ਮਾਰਗਦਰਸ਼ਨ ਵਿੱਚ ਡਰੱਗਸ ਕੰਟਰੋਲ ਵਿੰਗ ਅਤੇ ਐਂਟੀ-ਨਾਰਕੋਟਿਕਸ ਟਾਸਕ ਫੋਰਸ ਦੀ ਇੱਕ ਸੰਯੁਕਤ ਟੀਮ ਨੇ ਪਿੰਡ ਕਜਹੇੜੀ ਅਤੇ ਬਾਪੂ ਧਾਮ ਕਲੋਨੀ ਵਿੱਚ ਛੇ ਕੈਮਿਸਟ ਦੁਕਾਨਾਂ 'ਤੇ ਛਾਪੇਮਾਰੀ ਕੀਤੀ।

ਡਰੱਗਸ ਕੰਟਰੋਲ ਵਿੰਗ ਦੀ ਟੀਮ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਡਰੱਗਸ ਇੰਸਪੈਕਟਰ ਸ਼੍ਰੀ ਤਜਿੰਦਰ ਸਿੰਘ ਅਤੇ ਸ਼੍ਰੀ ਅਮਿਤ ਲਖਨਪਾਲ ਸ਼ਾਮਲ ਸਨ।



ਛਾਪੇਮਾਰੀ ਦੇ ਦੌਰਾਨ ਪੰਜ ਕੈਮਿਸਟ ਦੁਕਾਨਾਂ ਵਿੱਚ 'ਡਰੱਗਸ ਐਂਡ ਕਾਸਮੈਟਿਕਸ ਐਕਟ' ਅਤੇ ਇਸ ਦੇ ਤਹਿਤ ਬਣਾਏ ਗਏ ਨਿਯਮਾਂ ਦੇ ਵਿਭਿੰਨ ਪ੍ਰਾਵਧਾਨਾਂ ਦੀ ਉਲੰਘਣਾ ਪਾਈ ਗਈ। ਡਰੱਗਸ ਕੰਟਰੋਲਰ, ਯੂ.ਟੀ. ਚੰਡੀਗੜ੍ਹ ਦੁਆਰਾ ਸਬੰਧਿਤ ਫਰਮਾਂ ਨੂੰ 'ਕਾਰਨ ਦੱਸੋ ਨੋਟਿਸ' ਜਾਰੀ ਕੀਤੇ ਜਾ ਰਹੇ ਹਨ। ਇਸ ਦੇ ਬਾਅਦ ਲਾਗੂ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

ਚੰਡੀਗੜ੍ਹ ਪ੍ਰਸ਼ਾਸਨ ਨੇ ਦੁਹਰਾਇਆ ਕਿ ਡਰੱਗਸ ਕੰਟਰੋਲ ਸਬੰਧੀ ਕਾਨੂੰਨਾਂ ਦਾ ਸਖ਼ਤੀ ਨਾਲ ਪਾਲਨ ਸੁਨਿਸ਼ਚਿਤ ਕਰਨ ਅਤੇ ਦਵਾਈਆਂ ਦੇ ਦੁਰਉਪਯੋਗ ਨੂੰ ਰੋਕਣ ਲਈ ਅਜਿਹੀਆਂ ਲਾਗੂਕਰਨ ਮੁਹਿੰਮਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ।

## ਪਟਿਆਲਾ ਰੇਲ ਇੰਜਨ ਕਾਰਖਾਨਾ 'ਚ ਵੋਟਾਂ ਦੀ ਗਿਣਤੀ 'ਤੇ ਉੱਠੇ ਗੰਭੀਰ ਸਵਾਲ; DMW ਇੰਪਲਾਈਜ਼ ਯੂਨੀਅਨ ਵੱਲੋਂ ਵੱਡੀ ਧਾਂਦਲੀ ਦੇ ਦੋਸ਼ ਹੇਠ ਵਿਸ਼ਾਲ ਧਰਨਾ

**ਪਟਿਆਲਾ, 17 ਸਤੰਬਰ**
**-ਬਲਜੀਤ ਸਰਨਾ-**

ਪਟਿਆਲਾ ਰੇਲ ਇੰਜਨ ਕਾਰਖਾਨਾ (DMW) ਵਿਖੇ ਯੂਨੀਅਨ ਚੋਣਾਂ ਤੋਂ ਬਾਅਦ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। DMW ਇੰਪਲਾਈਜ਼ ਯੂਨੀਅਨ ਅਤੇ ਚੋਣ ਮੈਦਾਨ ਵਿੱਚ ਨਿਤਰੇ ਉਮੀਦਵਾਰਾਂ ਵੱਲੋਂ ਪ੍ਰਸ਼ਾਸਨ ਦੀ ਕਾਰਜਪ੍ਰਣਾਲੀ 'ਤੇ ਸਵਾਲ ਚੁੱਕਦਿਆਂ ਕਾਰਖਾਨਾ ਪਰਿਸਰ ਵਿੱਚ ਵਿਸ਼ਾਲ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਪ੍ਰਦਰਸ਼ਨਕਾਰੀ ਆਗੂਆਂ ਅਤੇ ਚੋਣ ਉਮੀਦਵਾਰਾਂ ਨੇ ਪ੍ਰਸ਼ਾਸਨ 'ਤੇ ਵੋਟਾਂ ਦੀ ਗਿਣਤੀ ਦੌਰਾਨ ਸ਼ਰੇਆਮ ਵੱਡੀ ਧਾਂਦਲੀ ਕਰਨ ਦੇ ਗੰਭੀਰ ਇਲਜ਼ਾਮ ਲਗਾਏ ਹਨ।

**ਕਾਊਂਟਿੰਗ ਏਜੰਟਾਂ ਤੋਂ ਓਹਲੇ ਰੱਖੀਆਂ ਗਈਆਂ ਰੱਦ ਵੋਟਾਂ**

ਧਰਨੇ ਨੂੰ ਸੰਬੋਧਨ ਕਰਦਿਆਂ ਇਲੈਕਸ਼ਨ ਉਮੀਦਵਾਰਾਂ ਨੇ ਖ਼ੁਲਾਸਾ ਕੀਤਾ ਕਿ ਵੋਟਾਂ ਦੀ ਗਿਣਤੀ ਦੌਰਾਨ ਪ੍ਰਸ਼ਾਸਨ ਵੱਲੋਂ ਪਾਰਦਰਸ਼ਤਾ ਦੇ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਦਿੱਤਾ ਗਿਆ।



ਉਨ੍ਹਾਂ ਦੱਸਿਆ ਕਿ ਗਿਣਤੀ ਸਮੇਂ ਤਾਇਨਾਤ ਕਾਊਂਟਿੰਗ ਏਜੰਟਾਂ ਨੂੰ ਕੈਂਸਲ (ਰੱਦ) ਹੋਈਆਂ ਵੋਟਾਂ ਤੱਕ ਨਹੀਂ ਦਿਖਾਈਆਂ ਗਈਆਂ, ਜੋ ਕਿ ਚੋਣ ਪ੍ਰਕਿਰਿਆ ਦੇ ਬੁਨਿਆਦੀ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਉਮੀਦਵਾਰਾਂ ਦਾ ਕਹਿਣਾ ਹੈ ਕਿ ਗਿਣਤੀ ਪੂਰੀ ਤਰ੍ਹਾਂ ਇੱਕਪਾਸੜ ਅਤੇ ਸ਼ੱਕ ਦੇ ਘੇਰੇ ਵਿੱਚ ਹੈ।

**ਮੌਜੂਦਾ ਚੋਣ ਨਤੀਜੇ ਭੰਗ ਕਰਕੇ ਦੁਬਾਰਾ ਵੋਟਾਂ ਕਰਵਾਉਣ ਦੀ ਮੰਗ**

ਕਾਰਖਾਨੇ ਦੇ ਕਰਮਚਾਰੀਆਂ ਅਤੇ ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਨੂੰ ਗਿਣਤੀ ਪੂਰੀ ਪਾਰਦਰਸ਼ਤਾ ਨਾਲ ਕਰਨੀ ਚਾਹੀਦੀ ਸੀ, ਪਰ ਅਜਿਹਾ ਨਾ ਕਰਕੇ ਕਰਮਚਾਰੀਆਂ ਦੇ ਵਿਸ਼ਵਾਸ ਨਾਲ ਧੋਖਾ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਇਸ ਸ਼ੱਕੀ ਪ੍ਰਕਿਰਿਆ ਤਹਿਤ ਹੋਈਆਂ ਵੋਟਾਂ ਅਤੇ ਉਨ੍ਹਾਂ ਦੇ ਨਤੀਜਿਆਂ ਨੂੰ ਤੁਰੰਤ ਪ੍ਰਭਾਵ ਨਾਲ ਭੰਗ ਕੀਤਾ ਜਾਵੇ ਅਤੇ ਨਿਰਪੱਖ ਤੇ ਪਾਰਦਰਸ਼ੀ ਤਰੀਕੇ ਨਾਲ ਦੁਬਾਰਾ ਚੋਣਾਂ ਕਰਵਾਈਆਂ ਜਾਣ। ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜਦੋਂ ਤੱਕ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲਦਾ, ਉਨ੍ਹਾਂ ਦਾ ਸੰਘਰਸ਼ ਲਗਾਤਾਰ ਜਾਰੀ ਰਹੇਗਾ।

## 31 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਰਾਜੋਆਣਾ ਨੇ PM ਮੋਦੀ ਨੂੰ ਲਿਖੀ ਚਿੱਠੀ, ਰਹਿਮ ਦੀ ਅਪੀਲ 'ਤੇ ਜਲਦ ਫੈਸਲੇ ਦੀ ਮੰਗ

**ਪਟਿਆਲਾ, 17 ਸਤੰਬਰ**
**-ਛਤਰਪਾਲ ਸਿੰਘ-**

ਸਾਬਕਾ ਪੰਜਾਬ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਸਜ਼ਾ-ਏ-ਮੌਤ ਦਾ ਸਾਹਮਣਾ ਕਰ ਰਹੇ ਬਲਵੰਤ ਸਿੰਘ ਰਾਜੋਆਣਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਆਪਣੀ ਲੰਬੇ ਸਮੇਂ ਤੋਂ ਲੰਬਿਤ ਰਹਿਮ ਦੀ ਅਪੀਲ 'ਤੇ ਜਲਦ ਅੰਤਿਮ ਫੈਸਲਾ ਲੈਣ ਦੀ ਮੰਗ ਕੀਤੀ ਹੈ। ਪਟਿਆਲਾ ਕੇਂਦਰੀ ਜੇਲ੍ਹ ਵਿੱਚ ਬੰਦ ਰਾਜੋਆਣਾ ਨੇ ਆਪਣੇ ਪੱਤਰ ਰਾਹੀਂ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਸ ਦੀ ਰਹਿਮ ਦੀ ਅਰਜ਼ੀ 'ਤੇ ਹੋਰ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜੋ ਵੀ ਫੈਸਲਾ ਲਿਆ ਜਾਣਾ ਹੈ, ਉਹ ਜਲਦ ਲਿਆ ਜਾਵੇ।



ਰਾਜੋਆਣਾ ਨੇ ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿੱਚ ਇਹ ਵੀ ਕਿਹਾ ਕਿ ਜੇਕਰ ਸਰਕਾਰ ਦਾ ਫੈਸਲਾ ਉਸ ਦੀ ਮੌਤ ਦੀ ਸਜ਼ਾ ਨੂੰ ਬਰਕਰਾਰ ਰੱਖਣ ਦਾ ਵੀ ਹੋਵੇ, ਤਾਂ ਵੀ ਇਸ ਮਾਮਲੇ ਵਿੱਚ ਅੰਤਿਮ ਫੈਸਲਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਆਪਣੀ ਲੰਬੀ ਕੈਦ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਹ ਪਿਛਲੇ 31 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ। ਰਾਜੋਆਣਾ ਦੀ ਰਹਿਮ ਦੀ ਅਪੀਲ ਲੰਬੇ ਸਮੇਂ ਤੋਂ ਵਿਚਾਰ ਅਧੀਨ ਹੈ। ਹੁਣ ਉਨ੍ਹਾਂ ਨੇ ਪ੍ਰਧਾਨ ਮੰਤਰੀ ਕੋਲ ਇਸ ਮਾਮਲੇ ਨੂੰ ਜਲਦ ਨਿਪਟਾਉਣ ਦੀ ਅਪੀਲ ਕੀਤੀ ਹੈ, ਤਾਂ ਜੋ ਲੰਬੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਪ੍ਰਕਿਰਿਆ ਨੂੰ ਅੰਤਿਮ ਫੈਸਲਾ ਮਿਲ ਸਕੇ।




## 25 ਸਤੰਬਰ ਤੋਂ 20 ਅਕਤੂਬਰ ਤੱਕ ਪਿੰਡ-ਪਿੰਡ ਚਲਾਈ ਜਾਵੇਗੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ : ਹਰਜੋਤ ਬੈਂਸ

**ਸ੍ਰੀ ਆਨੰਦਪੁਰ ਸਾਹਿਬ, 17 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 25 ਸਤੰਬਰ ਤੋਂ 20 ਅਕਤੂਬਰ ਤੱਕ ਪਿੰਡ-ਪਿੰਡ ਅਤੇ ਵਾਰਡ-ਵਾਰਡ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵਿਆਪਕ ਪੱਧਰ 'ਤੇ ਚਲਾਇਆ ਜਾਵੇਗਾ। ਇਸ ਸਬੰਧੀ ਵਿਰਾਸਤ-ਏ-ਖਾਲਸਾ ਵਿਖੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਮੁਹਿੰਮ ਨਾਲ ਜੁੜੇ ਵੱਖ-ਵੱਖ ਅਹੁਦੇਦਾਰਾਂ ਅਤੇ ਕਮੇਟੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਕੀਤੇ ਜਾ ਰਹੇ ਸਾਂਝੇ ਯਤਨਾਂ ਨੂੰ ਹੋਰ ਤੇਜ਼ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।



ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 25 ਸਤੰਬਰ ਤੋਂ ਸ਼ੁਰੂ ਹੋਣ ਵਾਲੀ ਇਸ ਮੁਹਿੰਮ ਤਹਿਤ ਪਿੰਡਾਂ ਅਤੇ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਦੌਰਾਨ ਨੌਜਵਾਨਾਂ, ਮਾਪਿਆਂ ਅਤੇ ਆਮ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਿਰਫ਼ ਸਰਕਾਰੀ ਪੱਧਰ 'ਤੇ ਯਤਨ ਕਾਫ਼ੀ ਨਹੀਂ ਹਨ, ਸਗੋਂ ਸਮਾਜ ਦੇ ਹਰ ਵਰਗ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਵਾਰਡਾਂ ਵਿੱਚ ਬਣਾਈਆਂ ਗਈਆਂ ਕਮੇਟੀਆਂ ਅਤੇ ਪਹਿਰੇਦਾਰ ਇਸ ਮੁਹਿੰਮ ਦੀ ਸਫਲਤਾ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਪਿੰਡਾਂ ਤੇ ਵਾਰਡਾਂ ਦੇ ਪਹਿਰੇਦਾਰ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਅਤੇ ਆਪਣੇ ਇਲਾਕੇ ਵਿੱਚ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਨੂੰ ਰੋਕਣ ਲਈ ਲੋਕਾਂ ਨਾਲ ਮਿਲ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਵੀ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨਸ਼ੇ ਦੀ ਗ੍ਰਿਫ਼ਤ ਵਿੱਚ ਆਏ ਭੋਲੇ-ਭਾਲੇ ਲੋਕਾਂ ਨੂੰ ਸਿਰਫ਼ ਨਕਾਰਾਤਮਕ ਨਜ਼ਰੀਏ ਨਾਲ ਦੇਖਣ ਦੀ ਬਜਾਏ ਉਨ੍ਹਾਂ ਪ੍ਰਤੀ ਹਮਦਰਦੀ, ਸਹਿਯੋਗ ਅਤੇ ਇਲਾਜ ਦੀ ਭਾਵਨਾ ਰੱਖਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾਂ ਨੂੰ ਇਲਾਜ ਅਤੇ ਪੁਨਰਵਾਸ ਸੇਵਾਵਾਂ ਤੱਕ ਪਹੁੰਚਾਉਣ ਵਿੱਚ ਪਰਿਵਾਰ, ਸਮਾਜ ਅਤੇ ਮੁਹਿੰਮ ਨਾਲ ਜੁੜੇ ਮੈਂਬਰ ਸਹਿਯੋਗ ਕਰਨ। ਉਨ੍ਹਾਂ ਜ਼ੋਰ ਦਿੱਤਾ ਕਿ ਨਸ਼ਾ ਮੁਕਤੀ ਦੀ ਪ੍ਰਕਿਰਿਆ ਵਿੱਚ ਪਰਿਵਾਰਕ ਸਹਿਯੋਗ ਅਤੇ ਸਮਾਜਿਕ ਸਵੀਕਾਰਤਾ ਵੀ ਮਹੱਤਵਪੂਰਨ ਹਨ।

ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਟੀਮ ਦੇ ਜ਼ਿਲ੍ਹਾ ਕੋਆਰਡੀਨੇਟਰ, ਵਾਈਸ ਜ਼ਿਲ੍ਹਾ ਕੋਆਰਡੀਨੇਟਰ, ਹਲਕਾ ਕੋਆਰਡੀਨੇਟਰ, ਵਾਰਡ ਕੋਆਰਡੀਨੇਟਰ ਅਤੇ ਬਲਾਕ ਕੋਆਰਡੀਨੇਟਰ ਸਮੇਤ ਸਮੂਹ ਪਿੰਡਾਂ ਅਤੇ ਵਾਰਡਾਂ ਦੀਆਂ ਕਮੇਟੀਆਂ ਦੇ ਕਨਵੀਨਰ, ਐਕਟਿਵ ਪ੍ਰਧਾਨ ਅਤੇ ਮੈਡੀਕਲ ਬੁਲਾਰੇ ਹਾਜ਼ਰ ਰਹੇ। ਇਸ ਮੌਕੇ ਮੁਹਿੰਮ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ, ਲੋਕਾਂ ਦੀ ਭਾਗੀਦਾਰੀ ਵਧਾਉਣ ਅਤੇ ਵੱਖ-ਵੱਖ ਟੀਮਾਂ ਵਿਚਕਾਰ ਬਿਹਤਰ ਤਾਲਮੇਲ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਉਦੇਸ਼ ਲੋਕਾਂ ਨੂੰ ਜਾਗਰੂਕ ਕਰਨਾ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਸਹੀ ਸਹਾਇਤਾ ਪ੍ਰਦਾਨ ਕਰਨਾ ਹੈ। ਉਨ੍ਹਾਂ ਸਮੂਹ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ। ਇਸ ਮੌਕੇ ਹਰਪ੍ਰੀਤ ਸਿੰਘ ਕਾਹਲੋਂ ਜਿਲ੍ਹਾ ਇੰਚਾਰਜ ਯੁੱਧ ਨਸ਼ਿਆ ਵਿਰੁੱਧ, ਮੋਹਿਤ ਦੀਵਾਨ ਉਪ ਜਿਲ੍ਹਾਂ ਇੰਚਾਰਜ ਯੁੱਧ ਨਸ਼ਿਆ ਵਿਰੁੱਧ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਰੰਭੀ ਇਸ ਮੁਹਿੰਮ ਨੂੰ ਸੂਬੇ ਭਰ ਵਿੱਚ ਭਰਵਾ ਹੁੰਗਾਰਾ ਮਿਲ ਰਿਹਾ ਹੈ, ਹਜ਼ਾਰਾ ਤਸਕਰ ਜੇਲ੍ਹਾਂ ਵਿਚ ਡੱਕੇ ਜਾ ਚੁੱਕੇ ਹਨ, ਕਰੋੜਾਂ ਰੁਪਏ ਦਾ ਨਸ਼ਾ ਜਬਤ ਕੀਤਾ ਗਿਆ ਹੈ, ਹਜ਼ਾਰਾ ਨੌਜਵਾਨਾਂ ਨੂੰ ਨਸ਼ੇ ਛਡਵਾ ਕੇ ਆਮ ਜੀਵਨ ਜੀਉਣ ਦੇ ਯੋਗ ਬਣਾਇਆ ਗਿਆ ਹੈ। ਪੰਜਾਬ ਦੀ ਜਵਾਨੀ ਨੂੰ ਮੁੜ ਲੀਹ ਤੇ ਲੈ ਆਉਦਾ ਹੈ।

# ਸੰਪਾਦਕੀ

## ਪੰਜਾਬ ’ਚ ਕਰਮਚਾਰੀ ਅਸੰਤੋਸ਼ ਅਤੇ ਪ੍ਰਸ਼ਾਸਨਿਕ ਚੁਣੌਤੀਆਂ ਸੰਵਾਦ ਨਾਲ ਹੀ ਸੁਲਝੇਗਾ ਮਸਲਾ

ਪੰਜਾਬ ਵਿੱਚ ਸਰਕਾਰੀ ਕਰਮਚਾਰੀਆਂ ਦੀਆਂ ਮੰਗਾਂ ਨੂੰ ਲੈ ਕੇ ਪੈਦਾ ਹੋ ਰਿਹਾ ਅਸੰਤੋਸ਼ ਸਿਰਫ਼ ਇੱਕ ਵਰਗ ਦੀਆਂ ਮੰਗਾਂ ਦਾ ਮਾਮਲਾ ਨਹੀਂ, ਸਗੋਂ ਇਹ ਸੂਬੇ ਦੇ ਪ੍ਰਸ਼ਾਸਨਿਕ ਢਾਂਚੇ ਨਾਲ ਜੁੜਿਆ ਗੰਭੀਰ ਵਿਸ਼ਾ ਹੈ। ਜਦੋਂ ਵੱਡੀ ਗਿਣਤੀ ਵਿੱਚ ਸਰਕਾਰੀ ਕਰਮਚਾਰੀ ਕੰਮ ਤੋਂ ਦੂਰ ਰਹਿੰਦੇ ਹਨ ਤਾਂ ਇਸ ਦਾ ਪ੍ਰਭਾਵ ਦਫ਼ਤਰੀ ਕੰਮਕਾਜ ਤੋਂ ਲੈ ਕੇ ਆਮ ਲੋਕਾਂ ਨੂੰ ਮਿਲਣ ਵਾਲੀਆਂ ਸੇਵਾਵਾਂ ਤੱਕ ਪੈਂਦਾ ਹੈ।

ਪੁਰਾਣੀ ਪੈਨਸ਼ਨ ਸਕੀਮ, ਮਹਿੰਗਾਈ ਭੱਤੇ ਦੇ ਬਕਾਏ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਵਰਗੇ ਮੁੱਦੇ ਲੰਮੇ ਸਮੇਂ ਤੋਂ ਸਰਕਾਰੀ ਕਰਮਚਾਰੀਆਂ ਦੇ ਏਜੰਡੇ ’ਤੇ ਹਨ। ਇਨ੍ਹਾਂ ਮਸਲਿਆਂ ਨੂੰ ਵਾਰ-ਵਾਰ ਟਾਲਣ ਦੀ ਬਜਾਏ ਸਰਕਾਰ ਨੂੰ ਹਰੇਕ ਮੰਗ ਦੀ ਵਿੱਤੀ ਅਤੇ ਪ੍ਰਸ਼ਾਸਨਿਕ ਸੰਭਾਵਨਾ ਦਾ ਸਪੱਸ਼ਟ ਮੁਲਾਂਕਣ ਕਰਕੇ ਆਪਣੀ ਸਥਿਤੀ ਕਰਮਚਾਰੀ ਜਥੇਬੰਦੀਆਂ ਸਾਹਮਣੇ ਰੱਖਣੀ ਚਾਹੀਦੀ ਹੈ।

ਹੜਤਾਲ ਕਿਸੇ ਵੀ ਪੱਖ ਲਈ ਸਥਾਈ ਹੱਲ ਨਹੀਂ ਹੁੰਦੀ। ਇਸ ਨਾਲ ਸਰਕਾਰ ’ਤੇ ਦਬਾਅ ਤਾਂ ਬਣ ਸਕਦਾ ਹੈ, ਪਰ ਆਖ਼ਰਕਾਰ ਇਸ ਦਾ ਅਸਰ ਆਮ ਨਾਗਰਿਕ ’ਤੇ ਵੀ ਪੈਂਦਾ ਹੈ। ਦੂਜੇ ਪਾਸੇ, ਸਿਰਫ਼ ਸਖ਼ਤ ਪ੍ਰਸ਼ਾਸਨਿਕ ਹੁਕਮਾਂ ਜਾਂ ਤਨਖ਼ਾਹ ਕਟੌਤੀ ਵਰਗੇ ਕਦਮਾਂ ਨਾਲ ਕਰਮਚਾਰੀਆਂ ਦੀਆਂ ਚਿੰਤਾਵਾਂ ਖ਼ਤਮ ਨਹੀਂ ਕੀਤੀਆਂ ਜਾ ਸਕਦੀਆਂ।

ਇਸ ਲਈ ਲੋੜ ਟਕਰਾਅ ਦੀ ਨਹੀਂ, ਸਗੋਂ ਲਗਾਤਾਰ ਅਤੇ ਸੰਸਥਾਗਤ ਸੰਵਾਦ ਦੀ ਹੈ। ਸਰਕਾਰ ਅਤੇ ਮੁਲਾਜ਼ਮ ਜਥੇਬੰਦੀਆਂ ਨੂੰ ਇੱਕ ਨਿਰਧਾਰਤ ਸਮਾਂ-ਸੀਮਾ ਵਾਲੀ ਗੱਲਬਾਤ ਦੀ ਪ੍ਰਕਿਰਿਆ ਸ਼ੁਰੂ ਕਰਨੀ ਚਾਹੀਦੀ ਹੈ। ਜਿਹੜੀਆਂ ਮੰਗਾਂ ਤੁਰੰਤ ਪੂਰੀਆਂ ਹੋ ਸਕਦੀਆਂ ਹਨ, ਉਨ੍ਹਾਂ ’ਤੇ ਫ਼ੈਸਲਾ ਹੋਵੇ ਅਤੇ ਜਿਹੜੇ ਮਸਲੇ ਵੱਡੇ ਵਿੱਤੀ ਬੋਝ ਨਾਲ ਜੁੜੇ ਹਨ, ਉਨ੍ਹਾਂ ਲਈ ਪੜਾਅਵਾਰ ਯੋਜਨਾ ਸਾਹਮਣੇ ਆਵੇ।

ਇੱਕ ਸੁਚੱਜਾ ਪ੍ਰਸ਼ਾਸਨ ਉਹੀ ਹੁੰਦਾ ਹੈ ਜਿੱਥੇ ਸਰਕਾਰੀ ਕਰਮਚਾਰੀ ਆਪਣੇ ਕੰਮ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਵਿੱਚ ਕਰ ਸਕਣ ਅਤੇ ਜਨਤਾ ਨੂੰ ਬਿਨਾਂ ਰੁਕਾਵਟ ਸਰਕਾਰੀ ਸੇਵਾਵਾਂ ਮਿਲਦੀਆਂ ਰਹਿਣ। ਪੰਜਾਬ ਦੇ ਹਿੱਤ ਵਿੱਚ ਸਰਕਾਰ ਅਤੇ ਕਰਮਚਾਰੀ ਦੋਵਾਂ ਨੂੰ ਟਕਰਾਅ ਤੋਂ ਅੱਗੇ ਵਧ ਕੇ ਭਰੋਸੇ, ਜ਼ਿੰਮੇਵਾਰੀ ਅਤੇ ਸੰਵਾਦ ਦਾ ਰਸਤਾ ਅਪਣਾਉਣਾ ਹੋਵੇਗਾ।

-ਛੱਤਰਪਾਲ ਸਿੰਘ






Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਵਿਕਾਸ ਦਾ ਰਾਹ ਕਿੱਥੇ ਖੁੰਝਿਆ ?

**ਅਰੁਣ ਮਾਇਰਾ**



ਬ੍ਰਿਕਸ ਸੰਮੇਲਨ ਦੌਰਾਨ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਹੋਈ ਮੀਟਿੰਗ ਦੋ ਨਾਬਰਾਬਰ ਧਿਰਾਂ ਵਿਚਕਾਰ ਹੋਈ ਸੀ। ਸਾਲ 2013 ਵਿੱਚ ਚੀਨ ਵਿੱਚ ਭਾਰਤ ਦੇ ਸਫ਼ੀਰ ਨੇ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਬੋਰਡ ਨੂੰ ਹੈਰਾਨ ਕਰ ਦਿੱਤਾ ਸੀ। ਉਸ ਨੇ ਖ਼ਦਸ਼ਾ ਜਤਾਇਆ ਸੀ ਕਿ ਭਾਰਤ ਚੀਨ ਦੀ ਬਸਤੀ (ਕਾਲੋਨੀ) ਬਣਦਾ ਜਾ ਰਿਹਾ ਹੈ। ਸਾਲ 1990-91 ਵਿੱਚ ਭਾਰਤ ਅਤੇ ਚੀਨ ਵਿਚਕਾਰ ਵਪਾਰ 1 ਅਰਬ ਡਾਲਰ ਤੋਂ ਵੀ ਘੱਟ ਸੀ। ਉਸ ਸਮੇਂ ਚੀਨ ਨੂੰ ਭਾਰਤ ਦੀ ਬਰਾਮਦ ਜ਼ਿਆਦਾ ਸੀ ਅਤੇ ਉੱਥੋਂ ਮੰਗਵਾਇਆ ਜਾਣ ਵਾਲਾ ਮਾਲ ਘੱਟ ਸੀ, ਪਰ 2011-12 ਤੱਕ ਇਹ ਵਪਾਰ ਵਧ ਕੇ 76 ਅਰਬ ਡਾਲਰ ਤੱਕ ਪਹੁੰਚ ਗਿਆ।

ਭਾਰਤੀ ਸਫ਼ੀਰ ਨੇ ਦੱਸਿਆ ਕਿ ਭਾਰਤ-ਚੀਨ ਵਪਾਰ ਦਾ ਇਹ ਪੈਟਰਨ ਉਸ ਵਪਾਰ ਵਰਗਾ ਸੀ, ਜੋ ਕਿਸੇ ਆਰਥਿਕ ਮਹਾਸ਼ਕਤੀ ਅਤੇ ਉਸ ਦੀਆਂ ਬਸਤੀਆਂ ਵਿਚਕਾਰ ਹੁੰਦਾ ਹੈ। ਭਾਰਤ ਨੂੰ ਚੀਨ ਉਹ ਪੂੰਜੀਗਤ ਵਸਤਾਂ (ਕੈਪੀਟਲ ਗੁੱਡਜ਼) ਅਤੇ ਉਦਯੋਗਿਕ ਕੱਚਾ ਮਾਲ ਮੁਹੱਈਆ ਕਰਵਾ ਰਿਹਾ ਸੀ, ਜਿਨ੍ਹਾਂ ਦੀ ਦੇਸ਼ ਦੇ ਬੁਨਿਆਦੀ ਢਾਂਚੇ ਅਤੇ ਉਦਯੋਗਾਂ ਨੂੰ ਲੋੜ ਸੀ ਜਦੋਂਕਿ ਭਾਰਤ ਵੱਲੋਂ ਕੀਤੀ ਜਾਣ ਵਾਲੀ ਬਰਾਮਦ ਸਿਰਫ਼ ਮੁੱਢਲੇ ਉਤਪਾਦਾਂ ਜਿਵੇਂ ਧਾਤਾਂ, ਖਣਿਜਾਂ ਅਤੇ ਕਪਾਹ ਤੱਕ ਸੀਮਿਤ ਸੀ। ਸਾਲ 1990-91 ਵਿੱਚ ਚੀਨ ਨੂੰ ਭਾਰਤ ਤਿਆਰ ਮਾਲ ਜ਼ਿਆਦਾ ਭੇਜਦਾ ਸੀ ਜਦੋਂਕਿ 2013 ਤੱਕ ਚੀਨ ‘ਦੁਨੀਆ ਦਾ ਕਾਰਖ਼ਾਨਾ’ ਬਣ ਚੁੱਕਾ ਸੀ। 1991 ਤੋਂ ਲੈ ਕੇ ਹੁਣ ਤੱਕ ਚੀਨ ਦਾ ਨਿਰਮਾਣ (ਮੈਨੂਫੈਕਚਰਿੰਗ) ਖੇਤਰ ਭਾਰਤ ਨਾਲੋਂ ਅੱਠ ਗੁਣਾ ਵੱਡਾ ਹੋ ਚੁੱਕਾ ਹੈ ਅਤੇ ਇਸ ਦਾ ਉੱਚ-ਮੁੱਲ ਵਾਲੇ ਉਤਪਾਦਾਂ ਦਾ ਖੇਤਰ ਭਾਰਤ ਨਾਲੋਂ ਪੰਜਾਹ ਗੁਣਾ ਵੱਡਾ ਹੋ ਗਿਆ ਹੈ।

ਸਾਬਕਾ ਸਫ਼ੀਰਾਂ, ਸੇਵਾਮੁਕਤ ਫ਼ੌਜੀ ਜਰਨੈਲਾਂ ਅਤੇ ਕੌਮਾਂਤਰੀ ਰਣਨੀਤੀ ਦੇ ਮਾਹਿਰਾਂ ਦੀ ਸ਼ਮੂਲੀਅਤ ਵਾਲਾ ਕੌਮੀ ਸੁਰੱਖਿਆ ਸਲਾਹਕਾਰ ਬੋਰਡ ਇਸ ਗੱਲੋਂ ਚਿੰਤਤ ਸੀ ਕਿ ਟੈਲੀਕੌਮ, ਬਿਜਲਈ ਉਪਕਰਣਾਂ ਅਤੇ ਇਲੈਕਟ੍ਰੌਨਿਕ ਹਾਰਡਵੇਅਰ ਲਈ ਚੀਨੀ ਸਾਮਾਨ ’ਤੇ ਭਾਰਤ ਦੀ ਨਿਰਭਰਤਾ ਹੁਣ ਸਿਰਫ਼ ਆਰਥਿਕ ਮੁੱਦਾ ਨਹੀਂ ਰਹੀ ਸਗੋਂ ਕੌਮੀ ਸੁਰੱਖਿਆ ਦਾ ਮੁੱਦਾ ਵੀ ਬਣ ਗਈ ਹੈ। ਬੋਰਡ ਇਹ ਜਾਣਨਾ ਚਾਹੁੰਦਾ ਸੀ ਕਿ 1991 ਤੋਂ ਬਾਅਦ ਭਾਰਤ ਦੀ ਉਦਯੋਗਿਕ ਨੀਤੀ ਕਿਉਂ ਨਾਕਾਮ ਰਹੀ ਅਤੇ ਕੀ ਭਾਰਤ ਕੋਲ ਕੋਈ ਉਦਯੋਗਿਕ ਨੀਤੀ ਹੈ ਵੀ ਜਾਂ ਨਹੀਂ?

ਸਾਲ 1991 ਵਿੱਚ ਉਦਯੋਗਿਕ ਨੀਤੀ ਨੂੰ ਤਿਲਾਂਜਲੀ ਦੇ ਦਿੱਤੀ ਗਈ। ਅਸਲ ਗੱਲ ਇਹ ਹੈ ਕਿ ਭਾਰਤ ਕੋਲ ਕੋਈ ਉਦਯੋਗਿਕ ਨੀਤੀ ਰਹੀ ਹੀ ਨਹੀਂ ਸੀ ਕਿਉਂਕਿ ਜਦੋਂ ਭਾਰਤ ਨੂੰ ਐਮਰਜੈਂਸੀ ਕਰਜ਼ੇ ਲਈ ਆਈ ਐੱਮ ਐੱਫ ਕੋਲ ਜਾਣਾ ਪਿਆ ਤਾਂ ਉਨ੍ਹਾਂ ਵੱਲੋਂ ਭਾਰਤ ’ਤੇ ਮੁਕਤ ਬਾਜ਼ਾਰ ਦੇ ਸੁਧਾਰ ਥੋਪ ਦਿੱਤੇ ਗਏ। ਇਨ੍ਹਾਂ ਸ਼ਰਤਾਂ ਤਹਿਤ ਭਾਰਤ ਨੂੰ ਵਪਾਰ ਲਈ ਆਪਣੀਆਂ ਸਰਹੱਦਾਂ ਖੋਲ੍ਹਣੀਆਂ ਪਈਆਂ ਅਤੇ ਆਪਣੀ ਉਦਯੋਗਿਕ ਨੀਤੀ ਨੂੰ ਤਿਆਗਣਾ ਪਿਆ।

ਆਰਥਿਕ ਸਿਧਾਂਤ ਇਹ ਸੀ ਕਿ ਜਦੋਂ ਦੇਸ਼ ਆਪਸ ਵਿੱਚ ਮੁਕਤ ਵਪਾਰ ਕਰਦੇ ਹਨ ਤਾਂ ਆਲਮੀ ਵਿਕਾਸ ਦੀ ਲਹਿਰ ਵਿੱਚ ਸਭ ਦਾ ਵਿਕਾਸ ਹੁੰਦਾ ਹੈ। ਬੇਸ਼ੱਕ, ਭਾਰਤ ਦੀ ਜੀ ਡੀ ਪੀ ਵੀ ਤੇਜ਼ੀ ਨਾਲ ਵਧਣ ਲੱਗੀ, ਪਰ ਚੀਨ ਦੀ ਅਰਥਵਿਵਸਥਾ ਇਸ ਨਾਲੋਂ ਵੀ ਕਿਤੇ ਵੱਧ ਤੇਜ਼ੀ ਨਾਲ ਵਧੀ। ਸਾਲ 2009 ਤੱਕ ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧਣ ਵਾਲੀ ‘ਖੁੱਲ੍ਹੀ ਮੰਡੀ ਵਾਲੀ ਜਮਹੂਰੀਅਤ’ ਬਣ ਗਿਆ ਸੀ। ਇਹ ‘ਖੁੱਲ੍ਹੀ ਮੰਡੀ ਅਤੇ ਜਮਹੂਰੀਅਤ’ ਵਾਲੇ ਸ਼ਬਦ ਖ਼ਾਸ ਤੌਰ ’ਤੇ ਜੋੜਨੇ ਪੈਂਦੇ ਸਨ ਕਿਉਂਕਿ ਚੀਨ ਦੀ ਅਰਥਵਿਵਸਥਾ ਭਾਰਤ ਨਾਲੋਂ ਕਿਤੇ ਜ਼ਿਆਦਾ ਤੇਜ਼ੀ ਨਾਲ ਤਰੱਕੀ ਕਰ ਰਹੀ ਸੀ।

ਸਾਲ 1991 ਮਗਰੋਂ ਭਾਰਤ ਅਤੇ ਚੀਨ ਦੀਆਂ ਵਿਕਾਸ ਰਣਨੀਤੀਆਂ ਬਿਲਕੁਲ ਵੱਖੋ-ਵੱਖਰੇ ਰਾਹਾਂ ਉੱਤੇ ਤੁਰ ਪਈਆਂ। ਉਸ ਸਮੇਂ ਭਾਰਤੀ ਨੀਤੀਘਾੜਿਆਂ ਵੱਲੋਂ ਲਏ ਗਏ ਫ਼ੈਸਲਿਆਂ ਦੇ ਨਤੀਜੇ ਹੁਣ ਸਾਹਮਣੇ ਆ ਰਹੇ ਹਨ। ਤੇਜ਼ ਆਰਥਿਕ ਵਿਕਾਸ ਦੇ ਨਾਲ-ਨਾਲ ਚੀਨ ਨੇ ਆਪਣੀ ਉਦਯੋਗਿਕ ਸਮਰੱਥਾ ਨੂੰ ਮਜ਼ਬੂਤ ਕੀਤਾ ਅਤੇ ਅੱਜ ਉਹ ਅਮਰੀਕਾ ਦੇ ਬਰਾਬਰ ਖੜ੍ਹ ਕੇ ਦੁਨੀਆ ਦੀ ਮੋਹਰੀ ਆਰਥਿਕ ਮਹਾਸ਼ਕਤੀ ਬਣ ਚੁੱਕਾ ਹੈ। ਦੂਜੇ ਪਾਸੇ, ਭਾਰਤ ਨੂੰ ਆਪਣੇ ਵਿਕਾਸ ਲਈ ਅਮਰੀਕਾ ਅਤੇ ਚੀਨ ਦੋਵਾਂ ਉੱਤੇ ਨਿਰਭਰ ਰਹਿਣਾ ਪੈ ਰਿਹਾ ਹੈ। ਉਦਯੋਗਿਕ ਕੱਚੇ ਮਾਲ ਤੇ ਪੁਰਜ਼ਿਆਂ ਲਈ ਚੀਨ ਉੱਤੇ ਅਤੇ ਸੌਫਟਵੇਅਰ ਬਰਾਮਦ ਤੇ ਆਪਣੇ ਉਦਯੋਗਾਂ ਵਿੱਚ ਅਮਰੀਕੀ ਹਾਈਟੈੱਕ ਤਕਨੀਕ ਵਰਤਣ ਦੀ ਇਜਾਜ਼ਤ ਲੈਣ ਲਈ ਅਮਰੀਕਾ ਉੱਤੇ।

ਅਮਰੀਕਾ ਦੇ ਕੁਝ ਵਿਸ਼ਲੇਸ਼ਕਾਂ ਮੁਤਾਬਿਕ ਸਾਲ 1991 ਨੂੰ ਵਿਚਾਰਧਾਰਕ ਲੜਾਈਆਂ ਦਾ ‘ਅੰਤ’ ਮੰਨ ਲਿਆ ਗਿਆ ਸੀ ਅਤੇ ਸਮਾਜਵਾਦ ਨੂੰ ‘ਇਤਿਹਾਸ ਦੇ ਕੂੜੇਦਾਨ’ ਵਿੱਚ ਸੁੱਟ ਦਿੱਤਾ ਗਿਆ ਸੀ। ਸਵਾਲ ਇਹ ਉੱਠਦਾ ਹੈ ਕਿ ਜਦੋਂ ਸੋਵੀਅਤ ਯੂਨੀਅਨ ਦੇ ਟੁੱਟਣ ਮਗਰੋਂ ਆਈ ਐੱਮ ਐੱਫ, ਵਿਸ਼ਵ ਬੈਂਕ ਅਤੇ ਅਮਰੀਕੀ ਸਿੱਖਿਆ ਪ੍ਰਾਪਤ ਅਰਥ-ਸ਼ਾਸਤਰੀਆਂ ਨੇ ਪੂਰੀ ਦੁਨੀਆ ਵਿੱਚ ਤੇਜ਼ੀ ਨਾਲ ਆਰਥਿਕ ਸੁਧਾਰ ਲਾਗੂ ਕੀਤੇ ਤਾਂ ਚੀਨ ਉਨ੍ਹਾਂ ਤੋਂ ਕਿਵੇਂ ਬਚ ਗਿਆ? ਇਸਾਬੈਲਾ ਐੱਮ. ਵੈਬਰ (Isabella M. Weber) ਨੇ ਆਪਣੀ ਕਿਤਾਬ ‘ਹਾਓ ਚੀਨ ਐਸਕੇਪਡ ਸ਼ੌਕ ਥੈਰੇਪੀ: ਦਿ ਮਾਰਕੀਟ ਰਿਫੌਰਮ ਡਿਬੇਟ’ ਵਿੱਚ ਇਸ ਦਾ ਜਵਾਬ ਦਿੱਤਾ ਹੈ।

ਉਹ ਲਿਖਦੀ ਹੈ: ‘ਪ੍ਰਸਿੱਧ ਹਾਰਵਰਡ ਅਰਥ-ਸ਼ਾਸਤਰੀ ਡੈਨੀ ਰੌਡਰਿਕ ਪੂਰੇ ਅਰਥ-ਸ਼ਾਸਤਰ ਜਗਤ ਦੀ ਤਰਫ਼ੋਂ ਗੱਲ ਕਰਦੇ ਹਨ, ਜਦੋਂ ਉਹ ਆਪਣੇ ਹੀ ਸਵਾਲ ਦਾ ਜਵਾਬ ਦਿੰਦੇ ਹਨ। ਉਨ੍ਹਾਂ ਦਾ ਸਵਾਲ ਸੀ ਕਿ ਕੀ ‘ਕੋਈ ਅਜਿਹੇ ਪੱਛਮੀ ਅਰਥ-ਸ਼ਾਸਤਰੀਆਂ ਜਾਂ ਉਨ੍ਹਾਂ ਦੀ ਖੋਜ ਦਾ ਨਾਮ ਦੱਸ ਸਕਦਾ ਹੈ, ਜਿਨ੍ਹਾਂ ਨੇ ਚੀਨ ਦੇ ਸੁਧਾਰਾਂ ਵਿੱਚ ਅਹਿਮ ਭੂਮਿਕਾ ਨਿਭਾਈ ਹੋਵੇ?’ ਇਸ ਦਾ ਜਵਾਬ ਦਿੰਦੇ ਹੋਏ ਉਹ ਦਾਅਵਾ ਕਰਦੇ ਹਨ ਕਿ ‘ਆਮ ਤੌਰ ’ਤੇ ਸਮਝੀ ਜਾਣ ਵਾਲੀ ਅਰਥ ਸ਼ਾਸਤਰੀ ਖੋਜ ਨੇ ਚੀਨ ਦੇ ਸੁਧਾਰਾਂ ਵਿੱਚ ਕੋਈ ਖ਼ਾਸ ਭੂਮਿਕਾ ਨਹੀਂ ਨਿਭਾਈ’।

1990ਵਿਆਂ ਤੋਂ ਲੈ ਕੇ ਕੇਂਦਰ ਵਿੱਚ ਚਾਹੇ ਕੋਈ ਵੀ ਸਰਕਾਰ ਰਹੀ ਹੋਵੇ, ਭਾਵੇਂ ਯੂ ਪੀ ਏ ਜਾਂ ਫਿਰ ਐੱਨ ਡੀ ਏ, ਭਾਰਤ ਦੀਆਂ ਆਰਥਿਕ ਨੀਤੀਆਂ ਹਮੇਸ਼ਾ ਅਮਰੀਕੀ ਪੂੰਜੀਵਾਦੀ ਸੋਚ ਵਾਲੇ ਅਰਥ-ਸ਼ਾਸਤਰੀਆਂ ਦੇ ਹੱਥਾਂ ਵਿੱਚ ਹੀ ਰਹੀਆਂ ਹਨ। ਯੋਜਨਾ ਕਮਿਸ਼ਨ ਦਾ ਨਾਂ ਬਦਲ ਕੇ ‘ਨੀਤੀ ਆਯੋਗ’ ਰੱਖ ਦਿੱਤਾ ਗਿਆ, ਜੋ ਪੁਰਾਣੀ ਸ਼ਰਾਬ ਨੂੰ ਨਵੀਂ ਬੋਤਲ ਵਿੱਚ ਪਾਉਣ ਵਾਲੀ ਗੱਲ ਸੀ। ਉਹੀ ਪੁਰਾਣੀ ਵਾਸ਼ਿੰਗਟਨ ਵਾਲੀ ਅਰਥ-ਸ਼ਾਸਤਰ ਦੀ ਸੋਚ ਉੱਥੇ ਵੀ ਹਾਵੀ ਰਹੀ।

ਸਾਲ 1991 ਦੇ ਇਸ ਬਦਲਾਅ ਨੇ ਭਾਰਤ ਦੀਆਂ ਆਰਥਿਕ ਨੀਤੀਆਂ ਦਾ ਮੋੜਾ ਇਉਂ ਕੱਟਿਆ ਕਿ ਘਰੇਲੂ ਉਦਯੋਗ ਪੱਛੜ ਗਏ ਅਤੇ ਦਰਾਮਦਕਾਰਾਂ (ਇੰਪੋਰਟਰਾਂ) ਤੇ ਵਪਾਰੀਆਂ ਨੂੰ ਵੱਧ ਫ਼ਾਇਦਾ ਮਿਲਣ ਲੱਗਾ। ਇਸ ਤੋਂ ਤੁਰੰਤ ਬਾਅਦ ਭਾਰਤ ਨੇ 1995 ਵਿੱਚ ਵਿਸ਼ਵ ਵਪਾਰ ਸੰਗਠਨ ਦੇ ‘ਸੇਵਾ ਖੇਤਰ ’ਚ ਵਪਾਰ ਬਾਰੇ ਸਮਝੌਤਾ- ਟੀਸਾ’ (Trade in Services Agreement) ’ਤੇ ਦਸਤਖ਼ਤ ਕਰ ਦਿੱਤੇ ਜਦੋਂਕਿ ਚੀਨ ਇਸ ਵਿੱਚ ਸਾਲ 2001 ਵਿੱਚ ਸ਼ਾਮਿਲ ਹੋਇਆ। ਇਸੇ ਤਰ੍ਹਾਂ ਭਾਰਤ 1996 ਵਿੱਚ ਸੂਚਨਾ ਤਕਨਾਲੋਜੀ ਸਮਝੌਤੇ ਦੇ ਮੋਢੀ ਦੇਸ਼ਾਂ ਵਿੱਚੋਂ ਸੀ, ਜਿਸ ਤਹਿਤ ਸਾਰੇ ਮੈਂਬਰਾਂ ਨੇ ਆਈ ਟੀ ਉਤਪਾਦਾਂ (ਕੰਪਿਊਟਰ, ਟੈਲੀਕੌਮ ਉਪਕਰਨ ਆਦਿ) ’ਤੇ ਕਸਟਮ ਡਿਊਟੀ ਖ਼ਤਮ ਕਰਨ ’ਤੇ ਸਹਿਮਤੀ ਦਿੱਤੀ। ਇਸ ਨਾਲ ਭਾਰਤ ਦੇ ਉੱਭਰ ਰਹੇ ਆਈ ਟੀ ਸੌਫਟਵੇਅਰ ਉਦਯੋਗ ਨੂੰ ਤਾਂ ਜ਼ਰੂਰ ਫ਼ਾਇਦਾ ਹੋਇਆ ਕਿਉਂਕਿ ਉਹ ਪੱਛਮੀ (ਅਤੇ ਬਾਅਦ ਵਿੱਚ ਚੀਨੀ) ਹਾਰਡਵੇਅਰ ਬਿਨਾਂ ਕਿਸੇ ਡਿਊਟੀ ਤੋਂ ਮੰਗਵਾ ਸਕਦਾ ਸੀ, ਪਰ ਇਸ ਨੇ ਭਾਰਤ ਦੇ ਆਪਣੇ ਛੋਟੇ ਘਰੇਲੂ ਉਤਪਾਦਕਾਂ ਦਾ ਵੱਡਾ ਨੁਕਸਾਨ ਕੀਤਾ। ਇਸ ਦੇ ਉਲਟ ਚੀਨ ਇਸ ਸਮਝੌਤੇ ਵਿੱਚ 2001 ਵਿੱਚ ਸ਼ਾਮਿਲ ਹੋਇਆ, ਪਰ ਨਾਲ ਹੀ ਉਹ ਆਪਣੇ ਦੇਸ਼ ਦੇ ਹਾਰਡਵੇਅਰ ਉਦਯੋਗਾਂ ਨੂੰ ਲਗਾਤਾਰ ਮਜ਼ਬੂਤ ਕਰਦਾ ਰਿਹਾ।

ਭਾਰਤ ਵੱਲੋਂ ਚੀਨ ਨਾਲੋਂ ਵੱਧ ਤੇਜ਼ੀ ਨਾਲ ਵਿਸ਼ਵ ਵਪਾਰ ਸੰਗਠਨ (ਡਬਲਯੂ ਟੀ ਓ) ਦੀ ਆਲਮੀ ਵਪਾਰ ਪ੍ਰਣਾਲੀ ਨਾਲ ਜੁੜਨ ਅਤੇ ਚੀਨ ਵੱਲੋਂ ਉਦਾਰਵਾਦੀ ਪੂੰਜੀਵਾਦੀ ਦੀ ਬਜਾਏ ਸਮਾਜਵਾਦੀ ਰਾਹ ’ਤੇ ਕਾਇਮ ਰਹਿਣ ਦੇ ਬਾਵਜੂਦ 1991 ਤੋਂ ਬਾਅਦ ਚੀਨ ਨੇ ਭਾਰਤ ਨਾਲੋਂ ਕਿਤੇ ਵੱਧ ਸਿੱਧੇ ਵਿਦੇਸ਼ੀ ਨਿਵੇਸ਼ ਨੂੰ ਆਪਣੇ ਵੱਲ ਖਿੱਚਿਆ। ਸਾਲ 2000 ਵਿੱਚ ਚੀਨ ਵਿੱਚ ਐੱਫ ਡੀ ਆਈ 41 ਅਰਬ ਡਾਲਰ ਸੀ ਜਦੋਂਕਿ ਭਾਰਤ ਵਿੱਚ ਇਹ ਸਿਰਫ਼ 4 ਅਰਬ ਡਾਲਰ ਸੀ। ਭਾਵੇਂ ਅੱਜ ‘ਈਜ਼ ਔਫ ਡੂਇੰਗ ਬਿਜ਼ਨਸ’ (ਕਾਰੋਬਾਰ ਨੂੰ ਆਸਾਨ ਬਣਾਉਣ) ਦੀਆਂ ਨੀਤੀਆਂ ਕਾਰਨ ਭਾਰਤ ਵਿੱਚ ਵਿਦੇਸ਼ੀ ਨਿਵੇਸ਼ ਵਧਿਆ ਹੈ, ਪਰ ਇਸ ਦੇ ਬਾਵਜੂਦ ਚੀਨ ਅੱਜ ਵੀ ਭਾਰਤ ਨਾਲੋਂ ਬਹੁਤ ਅੱਗੇ ਹੈ ਜਿਵੇਂ ਕਿ 2024 ਵਿੱਚ ਚੀਨ ਵਿੱਚ 116 ਅਰਬ ਡਾਲਰ ਦਾ ਨਿਵੇਸ਼ ਆਇਆ ਜਦੋਂਕਿ ਭਾਰਤ ਵਿੱਚ ਇਹ ਸਿਰਫ਼ 28 ਅਰਬ ਡਾਲਰ ਹੀ ਰਿਹਾ।

ਸਭ ਤੋਂ ਅਹਿਮ ਫ਼ਰਕ ਇਸ ਗੱਲ ਵਿੱਚ ਸੀ ਕਿ ਚੀਨ ਵਿਦੇਸ਼ੀ ਨਿਵੇਸ਼ ਵਿੱਚ ਕਰ ਕੀ ਰਿਹਾ ਸੀ? ਚੀਨ ਦਾ ਨਿਵੇਸ਼ ਮੁੱਖ ਤੌਰ ’ਤੇ ਉਦਯੋਗਾਂ (ਮੈਨੂਫੈਕਚਰਿੰਗ) ਅਤੇ ਬਰਾਮਦ ਨਾਲ ਜੁੜਿਆ ਹੋਇਆ ਸੀ। ਇਸ ਦੇ ਉਲਟ ਭਾਰਤ ਦਾ ਨਿਵੇਸ਼ ਜ਼ਿਆਦਾ ਕਰਕੇ ਆਈ ਟੀ ਸੇਵਾਵਾਂ, ਕਾਲ ਸੈਂਟਰਾਂ ਅਤੇ ਦਫ਼ਤਰੀ ਕੰਮਾਂ (ਬੈਕ-ਆਫ਼ਿਸ) ਵਿੱਚ ਮਜ਼ਬੂਤ ਹੋਇਆ। ਚੀਨ ਨੇ ਵਿਦੇਸ਼ੀ ਨਿਵੇਸ਼ ਨੂੰ ਉਦਯੋਗੀਕਰਨ ਦੇ ਹਥਿਆਰ ਵਜੋਂ ਵਰਤਿਆ ਜਦੋਂਕਿ ਭਾਰਤ ਨੇ ਇਸ ਨੂੰ ਜ਼ਿਆਦਾਤਰ ਸੇਵਾਵਾਂ ਅਤੇ ਬਾਜ਼ਾਰ ਦੇ ਵਿਕਾਸ ਲਈ ਵਰਤਿਆ। ਬਹੁ-ਕੌਮੀ ਕੰਪਨੀਆਂ ਚੀਨ ਵਿੱਚ ਚੀਜ਼ਾਂ ਬਣਾਉਣ ਆਈਆਂ, ਜਿਵੇਂ ਕਿ ਇਲੈਕਟ੍ਰੌਨਿਕਸ, ਮਸ਼ੀਨਰੀ, ਕਾਰਾਂ ਆਦਿ। ਇਸ ਨਾਲ ਚੀਨ ਹਾਰਡਵੇਅਰ ਡਿਜ਼ਾਈਨ ਅਤੇ ਨਿਰਮਾਣ ਦਾ ਕੇਂਦਰ ਬਣ ਗਿਆ। ਇਸ ਨਾਲ ਚੀਨ ਨੇ ਨਾ ਸਿਰਫ਼ ਨਵੇਂ ਉਤਪਾਦ ਤਿਆਰ ਕੀਤੇ ਸਗੋਂ ਹੌਲੀ-ਹੌਲੀ ਤਕਨਾਲੋਜੀ ਦੇ ਪੇਟੈਂਟ ਹਾਸਲ ਕਰਕੇ ਉਸ ਉੱਤੇ ਆਪਣੀ ਮਾਲਕੀ ਵੀ ਕਾਇਮ ਕਰਨੀ ਸ਼ੁਰੂ ਕਰ ਦਿੱਤੀ।

ਡੇਂਗ ਸ਼ਿਆਓਪਿੰਗ ਦਾ ਕਹਿਣਾ ਸੀ ਕਿ ਚੀਨ ਦੇ ਆਰਥਿਕ ਸੁਧਾਰਕਾਂ ਨੂੰ ‘ਪੈਰਾਂ ਹੇਠਾਂ ਪੱਥਰ ਮਹਿਸੂਸ ਕਰਕੇ ਨਦੀ ਪਾਰ ਕਰਨੀ ਚਾਹੀਦੀ ਹੈ’ (ਭਾਵ ਹਾਲਾਤ ਨੂੰ ਟੋਹ ਕੇ ਹੌਲੀ-ਹੌਲੀ ਅੱਗੇ ਵਧਣਾ ਚਾਹੀਦਾ ਹੈ)। ਆਰਥਿਕ ਨੀਤੀਆਂ ਕਾਗ਼ਜ਼ੀ ਅੰਕੜਿਆਂ ਦੀ ਬਜਾਏ ਜ਼ਮੀਨੀ ਹਕੀਕਤਾਂ ਉੱਤੇ ਆਧਾਰਿਤ ਹੋਣੀਆਂ ਚਾਹੀਦੀਆਂ ਹਨ, ਪਰ ਭਾਰਤ ਦੇ ਅਰਥ-ਸ਼ਾਸਤਰੀਆਂ ਨੇ ਅਜੇ ਤੱਕ ਆਪਣੀ ਜੀ ਡੀ ਪੀ ਦੇ ਅੰਕੜਿਆਂ ਨੂੰ ਆਮ ਭਾਰਤੀ ਦੀ ਅਸਲ ਜ਼ਿੰਦਗੀ ਨਾਲ ਨਹੀਂ ਜੋੜਿਆ ਹੈ। ਆਮ ਲੋਕਾਂ ਨੂੰ ਜੀ ਡੀ ਪੀ ਦੀਆਂ ਵੱਡੀਆਂ ਦਰਾਂ ਨਾਲ ਕੋਈ ਸਰੋਕਾਰ ਨਹੀਂ, ਉਨ੍ਹਾਂ ਨੂੰ ਤਾਂ ਸਿਰਫ਼ ਚੰਗੀਆਂ ਨੌਕਰੀਆਂ, ਵਧੀ ਹੋਈ ਆਮਦਨ ਅਤੇ ਬਿਹਤਰ ਸਮਾਜਿਕ ਸੁਰੱਖਿਆ ਚਾਹੀਦੀ ਹੈ।

ਚੀਨ ਦੇ ਨੀਤੀਘਾੜੇ ਭਾਰਤ ਨਾਲੋਂ ਕਿਤੇ ਵੱਧ ਤੇਜ਼ੀ ਨਾਲ ਸਿੱਖਣ ਵਾਲੇ ਸਾਬਿਤ ਹੋਏ ਹਨ। ਭਾਰਤ ਸਿਰਫ਼ ਵਪਾਰ ਦੇ ਸਹਾਰੇ ਆਲਮੀ ਤਾਕਤ ਨਹੀਂ ਬਣ ਸਕਦਾ। ਇਸ ਲਈ ਦੇਸ਼ ਦੀ ਵਪਾਰਕ ਨੀਤੀ ਨੂੰ ਉਦਯੋਗਿਕ ਨੀਤੀ ਦੇ ਅਧੀਨ ਰੱਖਣਾ ਪਵੇਗਾ। ਵਪਾਰਕ ਰੁਕਾਵਟਾਂ ਘਟਾਉਣ ਨਾਲੋਂ ਆਪਣੇ ਦੇਸ਼ ਵਿੱਚ ਉਦਯੋਗਿਕ ਸਮਰੱਥਾ ਖੜ੍ਹੀ ਕਰਨਾ ਕਿਤੇ ਵੱਧ ਔਖਾ ਕੰਮ ਹੈ। ਭਾਵੇਂ 2047 ਵਿੱਚ ਭਾਰਤ ਦੀ ਜੀ ਡੀ ਪੀ ਦਾ ਅੰਕੜਾ ਕੁਝ ਵੀ ਹੋਵੇ, ਪਰ ਜਦੋਂ ਤੱਕ ਦੇਸ਼ ਦਲੇਰੀ ਨਾਲ ਇੱਕ ਮਜ਼ਬੂਤ ਉਦਯੋਗਿਕ ਨੀਤੀ ਲਾਗੂ ਨਹੀਂ ਕਰਦਾ (ਜਿਸ ਨਾਲ ਆਪਣੇ ਉਦਯੋਗ ਪੈਦਾ ਹੋਣ, ਜੋ ਤਕਨਾਲੋਜੀ ਉੱਤੇ ਆਪਣਾ ਕੰਟਰੋਲ ਰੱਖਣ ਅਤੇ ਜਿੱਥੇ ਆਮ ਨਾਗਰਿਕਾਂ ਨੂੰ ਕੰਮ, ਕਮਾਈ ਅਤੇ ਸਿੱਖਣ ਦੇ ਪੂਰੇ ਮੌਕੇ ਮਿਲਣ) ਤਦ ਤੱਕ ਭਾਰਤ ਨਾ ਤਾਂ ਪੂਰੀ ਤਰ੍ਹਾਂ ‘ਵਿਕਸਿਤ’ ਹੋ ਸਕੇਗਾ ਅਤੇ ਨਾ ਹੀ ਭੂ-ਸਿਆਸੀ ਤੌਰ ’ਤੇ ਸੁਰੱਖਿਅਤ ਹੋ ਸਕੇਗਾ।

# ਕੰਪਿਊਟਰ ਸਾਇੰਸ ਵਿਭਾਗ ਵੱਲੋਂ ਰਚਨਾਤਮਕਤਾ ਅਤੇ ਨਵੀਨਤਾ ਨਾਲ ਇੰਜੀਨੀਅਰਜ਼ ਦਿਵਸ ਮਨਾਇਆ



**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਤਿਹਗੜ੍ਹ ਸਾਹਿਬ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ 16 ਸਤੰਬਰ 2026 ਨੂੰ ਇੰਜੀਨੀਅਰਜ਼ ਦਿਵਸ ਬੜੇ ਉਤਸ਼ਾਹ ਅਤੇ ਨਵੀਨਤਾ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਆਪਣੇ ਤਕਨੀਕੀ ਗਿਆਨ, ਰਚਨਾਤਮਕਤਾ, ਸਮੱਸਿਆਵਾਂ ਦੇ ਹੱਲ ਦੀ ਯੋਗਤਾ ਅਤੇ ਨਵੇਂ ਵਿਚਾਰਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਉੱਤਮ ਮੰਚ ਪ੍ਰਦਾਨ ਕੀਤਾ ਗਿਆ।

ਇਸ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਡੀਨ ਰਿਸਰਚ ਪ੍ਰੋ. (ਡਾ.) ਨਵਦੀਪ ਕੌਰ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਖੋਜ ਕਾਰਜਾਂ ਨਾਲ ਜੁੜਨ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੀ ਪੜਚੋਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੇ ਅਕਾਦਮਿਕ ਅਤੇ ਪੇਸ਼ੇਵਰ ਵਿਕਾਸ ਲਈ ਕੀਮਤੀ ਮਾਰਗਦਰਸ਼ਨ ਵੀ ਦਿੱਤੇ।

ਪੰਜ ਤਕਨੀਕੀ ਮੁਕਾਬਲੇ—ਟੈਕ ਟਾਕ, ਏ.ਆਈ. ਇਮੇਜ ਜਨਰੇਸ਼ਨ, ਕੁਇਜ਼ ਮੁਕਾਬਲਾ, ਮੌਡੂ ਟੈਕ ਅਤੇ ਪ੍ਰੋਜੈਕਟ ਪ੍ਰਸਤੁਤੀ—ਕਰਵਾਏ ਗਏ। ਇਹ ਗਤੀਵਿਧੀਆਂ ਕੰਪਿਊਟਰ ਸਾਇੰਸ, ਨਵੀਆਂ ਤਕਨਾਲੋਜੀਆਂ ਅਤੇ ਨਵੀਨਤਾ ਨਾਲ ਸਬੰਧਤ ਸਨ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੂੰ ਨਵੇਂ ਸੰਕਲਪਾਂ ਦੀ ਪੜਚੋਲ ਕਰਨ ਅਤੇ ਜਮਾਤ-ਕਮਰੇ ਤੋਂ ਬਾਹਰ ਆਪਣੀਆਂ ਤਕਨੀਕੀ ਅਤੇ ਰਚਨਾਤਮਕ ਯੋਗਤਾਵਾਂ ਦਾ ਪ੍ਰਦਰਸ਼ਨ ਕਰਨ ਦੇ ਮੌਕੇ ਮਿਲੇ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ 120 ਤੋਂ ਵੱਧ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਆਪਣੇ ਪ੍ਰੋਜੈਕਟਾਂ, ਤਕਨੀਕੀ ਹੁਨਰਾਂ ਅਤੇ ਰਚਨਾਤਮਕ ਯੋਗਤਾਵਾਂ ਦਾ ਪ੍ਰਦਰਸ਼ਨ ਕੀਤਾ।

ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਸਰਪ੍ਰੀਤ ਸਿੰਘ ਨੇ ਇੰਜੀਨੀਅਰਜ਼ ਦਿਵਸ ਦੇ ਮੌਕੇ ’ਤੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਸਮਾਗਮ ਦੌਰਾਨ ਉਨ੍ਹਾਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਹੋਰ ਅਕਾਦਮਿਕ ਅਤੇ ਤਕਨੀਕੀ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਭਵਿੱਖੀ ਪੇਸ਼ੇਵਰ ਤਰੱਕੀ ਲਈ ਨਿਰੰਤਰ ਸਿੱਖਣ, ਨਵੀਨਤਾ, ਰਚਨਾਤਮਕਤਾ ਅਤੇ ਸਰਗਰਮ ਭਾਗੀਦਾਰੀ ਦੀ ਮਹੱਤਤਾ ’ਤੇ ਜ਼ੋਰ ਦਿੱਤਾ।

ਇਹ ਸਮਾਗਮ ਈ.ਸੀ.ਏ. ਇੰਚਾਰਜ ਹਰਲੀਨ ਕੌਰ, ਛਮਨਜੀਤ ਕੌਰ ਅਤੇ ਗੁਰਪ੍ਰੀਤ ਕੌਰ ਦੀ ਅਗਵਾਈ ਅਤੇ ਨਿਗਰਾਨੀ ਹੇਠ ਸਫਲਤਾਪੂਰਵਕ ਕਰਵਾਇਆ ਗਿਆ। ਇੰਜੀਨੀਅਰਜ਼ ਦਿਵਸ ਦਾ ਇਹ ਸਮਾਗਮ ਇੱਕ ਸਕਾਰਾਤਮਕ ਅਤੇ ਪ੍ਰੇਰਣਾਦਾਇਕ ਮਾਹੌਲ ਵਿੱਚ ਸੰਪੰਨ ਹੋਇਆ।

ਇਸ ਨੇ ਵਿਦਿਆਰਥੀਆਂ ਨੂੰ ਆਪਣੇ ਤਕਨੀਕੀ ਹੁਨਰਾਂ ਨੂੰ ਹੋਰ ਮਜ਼ਬੂਤ ਕਰਨ, ਨਵੇਂ ਵਿਚਾਰਾਂ ਦੀ ਖੋਜ ਕਰਨ, ਉੱਭਰ ਰਹੀਆਂ ਤਕਨਾਲੋਜੀਆਂ ਨੂੰ ਅਪਣਾਉਣ ਅਤੇ ਨਵੀਨਤਾ, ਰਚਨਾਤਮਕਤਾ ਅਤੇ ਪੇਸ਼ੇਵਰ ਵਿਕਾਸ ਵੱਲ ਆਪਣੀ ਯਾਤਰਾ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

# ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਚੌਕਸੀ ਵਧਾਉਣ ਦੇ ਨਿਰਦੇਸ਼

**ਚੰਡੀਗੜ੍ਹ, 17 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਸੂਬੇ ਦੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ ਹਨ ਕਿ ਜਲੰਧਰ, ਮੋਗਾ ਅਤੇ ਲੁਧਿਆਣਾ ਜ਼ਿਲ੍ਹਿਆਂ ਵਿੱਚ ਕੋਈ ਗ਼ੈਰ-ਕਾਨੂੰਨੀ ਮਾਈਨਿੰਗ ਨਾ ਕੀਤੀ ਜਾਵੇ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਿਵੀਜ਼ਨ ਬੈਂਚ ਨੇ ਜ਼ੋਰ ਦੇ ਕੇ ਕਿਹਾ, ਜੇ ਅਜਿਹੀ ਕੋਈ ਘਟਨਾ ਸਾਹਮਣੇ ਆਉਂਦੀ ਹੈ, ਤਾਂ ਸਬੰਧਤ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

ਬੈਂਚ ਨੇ ਸੁਣਵਾਈ ਦੀ ਪਿਛਲੀ ਤਾਰੀਖ਼ ’ਤੇ ਜ਼ਿਲ੍ਹਿਆਂ ਵਿੱਚ ਧੜੱਲੇ ਨਾਲ ਹੋ ਰਹੀ ਗ਼ੈਰ-ਕਾਨੂੰਨੀ ਮਾਈਨਿੰਗ ਦੇ ਦੋਸ਼ਾਂ ਬਾਰੇ ਪੰਜਾਬ ਰਾਜ ਤੋਂ ਸਥਿਤੀ ਰਿਪੋਰਟ ਮੰਗੀ ਸੀ। ਜਿਵੇਂ ਹੀ ਕੇਸ ਮੁੜ ਸੁਣਵਾਈ ਲਈ ਆਇਆ ਸੂਬੇ ਵੱਲੋਂ ਕਾਰਜਕਾਰੀ ਇੰਜੀਨੀਅਰਾਂ, ਡਰੇਨੇਜ-ਕਮ-ਮਾਈਨਿੰਗ ਅਤੇ ਜਿਓਲਾਜੀ ਡਿਵੀਜ਼ਨ, ਜਲ ਸਰੋਤ ਵਿਭਾਗ, ਲੁਧਿਆਣਾ, ਜਲੰਧਰ ਅਤੇ ਮੋਗਾ ਦੁਆਰਾ ਸਥਿਤੀ ਰਿਪੋਰਟਾਂ ਦਾਖ਼ਲ ਕੀਤੀਆਂ ਗਈਆਂ।

ਪਟੀਸ਼ਨਰ ਦੇ ਵਕੀਲ ਦੀ ਬੇਨਤੀ ’ਤੇ ਜਵਾਬ (ਰਿਪਲਿਕੇਸ਼ਨ) ਦਾਖ਼ਲ ਕਰਨ ਲਈ ਤਿੰਨ ਹਫ਼ਤਿਆਂ ਦਾ ਸਮਾਂ ਦਿੱਤਾ ਗਿਆ। ਬੈਂਚ ਨੇ ਮਾਮਲੇ ਦੀ ਅਗਲੀ ਸੁਣਵਾਈ 8 ਅਕਤੂਬਰ ਲਈ ਵੀ ਤੈਅ ਕੀਤੀ ਹੈ। ਬੈਂਚ ਨੇ ਅੱਗੇ ਕਿਹਾ, ਇਸ ਦੌਰਾਨ, ਰਾਜ ਦੇ ਅਧਿਕਾਰੀ ਇਹ ਯਕੀਨੀ ਬਣਾਉਣਗੇ ਕਿ ਸਵਾਲੀਆ ਖੇਤਰ ਵਿੱਚ ਕੋਈ ਗ਼ੈਰ-ਕਾਨੂੰਨੀ ਮਾਈਨਿੰਗ ਨਾ ਕੀਤੀ ਜਾਵੇ।

ਇਹ ਨਿਰਦੇਸ਼ ਸੰਦੀਪ ਸਿੰਘ ਵੱਲੋਂ ਦਾਖ਼ਲ ਕੀਤੀ ਗਈ ਇੱਕ ਜਨਹਿਤ ਪਟੀਸ਼ਨ (PIL) ਦੀ ਸੁਣਵਾਈ ਦੌਰਾਨ ਆਏ ਹਨ। ਪਟੀਸ਼ਨ ਵਿੱਚ ਉਠਾਈ ਗਈ ਸ਼ਿਕਾਇਤ ਦਾ ਨੋਟਿਸ ਲੈਂਦਿਆਂ, ਬੈਂਚ ਨੇ ਸੁਣਵਾਈ ਦੀ ਪਿਛਲੀ ਤਾਰੀਖ਼ ’ਤੇ ਦਰਜ ਕੀਤਾ ਸੀ: ਰਿੱਟ ਪਟੀਸ਼ਨ ਵਿੱਚ ਅਰਜ਼ੀ ਜਲੰਧਰ, ਮੋਗਾ ਅਤੇ ਲੁਧਿਆਣਾ ਜ਼ਿਲ੍ਹਿਆਂ ਵਿੱਚ ਧੜੱਲੇ ਨਾਲ ਹੋ ਰਹੀ ਗ਼ੈਰ-ਕਾਨੂੰਨੀ ਮਾਈਨਿੰਗ ਬਾਰੇ ਹੈ।

ਅਦਾਲਤ ਨੇ ਉਦੋਂ ਸਰਕਾਰ ਨੂੰ ਅਗਲੀ ਸੁਣਵਾਈ ਤੋਂ ਪਹਿਲਾਂ ਆਪਣਾ ਜਵਾਬ ਰਿਕਾਰਡ ’ਤੇ ਰੱਖਣ ਦੇ ਨਿਰਦੇਸ਼ ਦਿੱਤੇ ਸਨ ਜਦੋਂ ਕਿ ਇਹ ਟਿੱਪਣੀ ਕੀਤੀ ਗਈ ਸੀ: ਇਸ ਸਬੰਧ ਵਿੱਚ ਰਾਜ ਦੇ ਵਕੀਲ ਵੱਲੋਂ ਅਗਲੀ ਸੁਣਵਾਈ ਦੀ ਤਾਰੀਖ਼ ਤੋਂ ਪਹਿਲਾਂ ਸਥਿਤੀ ਰਿਪੋਰਟ ਦਾਖ਼ਲ ਕੀਤੀ ਜਾਵੇ।

# ਸਤਲੁਜ ਦੇ ਵਧਦੇ ਪਾਣੀ ਨੇ ਵਧਾਈ ਚਿੰਤਾ, ਸਸਰਾਲੀ ਨੇੜੇ ਬੰਨ੍ਹ ’ਤੇ ਦਬਾਅ; ਕਈ ਪਿੰਡਾਂ ਨੂੰ ਸਾਵਧਾਨੀ ਦੀ ਹਦਾਇਤ

**ਲੁਧਿਆਣਾ, 17 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਲਗਾਤਾਰ ਵਧਣ ਕਾਰਨ ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਸਸਰਾਲੀ ਪਿੰਡ ਨੇੜੇ ਧੁੱਸੀ ਬੰਨ੍ਹ ਦੀ ਸਥਿਤੀ ਨੂੰ ਲੈ ਕੇ ਸਾਵਧਾਨੀ ਜਾਰੀ ਕੀਤੀ ਹੈ। ਪ੍ਰਸ਼ਾਸਨ ਮੁਤਾਬਕ ਤੇਜ਼ ਪਾਣੀ ਦੇ ਵਹਾਅ ਕਾਰਨ ਬੰਨ੍ਹ ’ਤੇ ਕਾਫ਼ੀ ਦਬਾਅ ਬਣਿਆ ਹੋਇਆ ਸੀ ਅਤੇ ਇਸ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਸੀ। ਪ੍ਰਸ਼ਾਸਨ ਨੇ ਚਿਤਾਵਨੀ ਦਿੱਤੀ ਸੀ ਕਿ ਜੇਕਰ ਬੰਨ੍ਹ ਵਿੱਚ ਕੋਈ ਚੀਰ ਜਾਂ ਨੁਕਸਾਨ ਹੁੰਦਾ ਹੈ ਤਾਂ ਸਸਰਾਲੀ, ਬੂੰਟ, ਰਾਵਤ, ਹਵਾਸ, ਸੀੜਾ, ਬੂਥਗੜ੍ਹ, ਮੰਗਲੀ ਟਾਂਡਾ, ਢੇਰੀ, ਖਵਾਜਕੇ, ਖਾਸੀ ਖੁਰਦ, ਮੰਗਲੀ ਕਾਦਰ, ਮੱਤੇਵਾੜਾ, ਮਾਂਗਟ ਅਤੇ ਮਿਹਰਬਾਨ ਸਮੇਤ ਨੇੜਲੇ ਇਲਾਕੇ ਪ੍ਰਭਾਵਿਤ ਹੋ ਸਕਦੇ ਹਨ ਅਤੇ ਪਾਣੀ ਨਾਲ ਘਿਰਨ ਦਾ ਖ਼ਤਰਾ ਪੈਦਾ ਹੋ ਸਕਦਾ ਹੈ।

ਲੋਕਾਂ ਨੂੰ ਕੀ ਹਦਾਇਤਾਂ ਦਿੱਤੀਆਂ ਗਈਆਂ?: ਪ੍ਰਸ਼ਾਸਨ ਨੇ ਪ੍ਰਭਾਵਿਤ ਜਾਂ ਸੰਭਾਵਿਤ ਪ੍ਰਭਾਵਿਤ ਇਲਾਕਿਆਂ ਦੇ ਵਸਨੀਕਾਂ ਨੂੰ ਉੱਚ ਸਤਰਕਤਾ ਰੱਖਣ ਅਤੇ ਸਥਿਤੀ ’ਤੇ ਲਗਾਤਾਰ ਨਜ਼ਰ ਰੱਖਣ ਲਈ ਕਿਹਾ। ਦੋ ਮੰਜ਼ਿਲਾ ਮਕਾਨਾਂ ਵਿੱਚ ਰਹਿਣ ਵਾਲਿਆਂ ਨੂੰ ਸੁਰੱਖਿਆ ਲਈ ਉਪਰਲੀ ਮੰਜ਼ਿਲ ’ਤੇ ਰਹਿਣ ਅਤੇ ਨੀਵੇਂ ਇਲਾਕਿਆਂ ਜਾਂ ਇਕ ਮੰਜ਼ਿਲਾ ਘਰਾਂ ਵਿੱਚ ਰਹਿਣ ਵਾਲਿਆਂ ਨੂੰ ਲੋੜ ਪੈਣ ’ਤੇ ਅਸਥਾਈ ਤੌਰ ’ਤੇ ਸੁਰੱਖਿਅਤ ਥਾਵਾਂ ’ਤੇ ਜਾਣ ਦੀ ਸਲਾਹ ਦਿੱਤੀ ਗਈ। ਇਸ ਤੋਂ ਇਲਾਵਾ ਜ਼ਰੂਰੀ ਦਸਤਾਵੇਜ਼ ਅਤੇ ਕੀਮਤੀ ਸਮਾਨ ਪਾਣੀ-ਰੋਧੀ ਬੈਗਾਂ ਵਿੱਚ ਤਿਆਰ ਰੱਖਣ ਅਤੇ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਵਿਅਕਤੀਆਂ ਨੂੰ ਪਹਿਲ ਦੇ ਆਧਾਰ ’ਤੇ ਸੁਰੱਖਿਅਤ ਥਾਵਾਂ ’ਤੇ ਪਹੁੰਚਾਉਣ ਦੀ ਹਦਾਇਤ ਕੀਤੀ ਗਈ ਸੀ।

ਰਾਹਤ ਕੇਂਦਰ ਕੀਤੇ ਗਏ ਸਨ ਤਿਆਰ: ਪ੍ਰਸ਼ਾਸਨ ਵੱਲੋਂ ਸੰਭਾਵਿਤ ਹੜ੍ਹ ਦੀ ਸਥਿਤੀ ਲਈ ਰਾਹੋਂ ਰੋਡ ਗੌਂਸਗੜ੍ਹ ਸਤਿਸੰਗ ਘਰ, ਚੰਡੀਗੜ੍ਹ ਰੋਡ ਮੁੰਡੀਆਂ ਸਤਿਸੰਗ ਘਰ, ਟਿੱਬਾ ਰੋਡ ਸਤਿਸੰਗ ਘਰ, ਕੈਲਾਸ਼ ਨਗਰ ਸਤਿਸੰਗ ਘਰ, ਸਸਰਾਲੀ ਨੇੜੇ ਰਾਧਾ ਸੁਆਮੀ ਸੈਂਟਰ, ਖਾਸੀ ਕਲਾਂ ਮੰਡੀ ਤੇ ਸਕੂਲ, ਭੂਖੜੀ ਸਕੂਲ, ਮੱਤੇਵਾੜਾ ਸਕੂਲ ਅਤੇ ਮੱਤੇਵਾੜਾ ਮੰਡੀ ਨੂੰ ਰੈਸਕਿਊ ਸੈਂਟਰ ਵਜੋਂ ਤਿਆਰ ਕੀਤਾ ਗਿਆ ਸੀ। ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ, ਪੁਲਸ ਅਤੇ ਆਫ਼ਤ ਪ੍ਰਬੰਧਨ ਟੀਮਾਂ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਸੀ। ਐਮਰਜੈਂਸੀ ਲਈ ਫਲੱਡ ਕੰਟਰੋਲ ਰੂਮ 0161-2433100 ਅਤੇ ਪੁਲਸ ਹੈਲਪਲਾਈਨ 112 ਜਾਰੀ ਕੀਤੀ ਗਈ ਸੀ।






# ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦਿਖਾਈ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ



**ਪਟਿਆਲਾ, 17 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਚਾਂਦਨੀ ਚੌਕ ਤੋਂ ਅੱਜ ਬੱਸ ਰਵਾਨਾ ਕੀਤੀ।

ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ ਵੀ ਮੌਜੂਦ ਸਨ।

ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਬੱਸ ਸਾਲਾਸਰ ਧਾਮ ਅਤੇ ਖਾਟੂ ਸ਼ਿਆਮ ਜਾਵੇਗੀ।

ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਅਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

